ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 20 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੭, ੭ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਖਰੜ 'ਚ ਹਿਮਾਚਲ ਦੀ ਬੱਸ 'ਤੇ ਹਮਲਾ, ਸ਼ੀਸ਼ੇ ਟੁੱਟੇ, ਵਾਲ-ਵਾਲ ਬਚੀਆਂ ਸਵਾਰੀਆਂ

**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੇ ਮੋਹਾਲੀ ਦੇ ਖਰੜ 'ਚ ਹਿਮਾਚਲ ਪ੍ਰਦੇਸ਼ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੀ ਬੱਸ 'ਤੇ ਹਮਲਾ ਹੋਇਆ ਹੈ। ਹਾਲਾਂਕਿ ਅਜੇ ਤੱਕ ਇਹ ਸਪੱਸ਼ਟ ਨਹੀਂ ਹੋਇਆ ਹੈ ਕਿ ਹਮਲਾ ਕਿਸ ਨੇ ਕੀਤਾ ਹੈ ? ਪਰ ਬੱਸ ਵਿੱਚ ਸਵਾਰ 25 ਲੋਕ ਇਸ ਹਮਲੇ ਵਿੱਚ ਵਾਲ-ਵਾਲ ਬਚ ਗਏ। ਦੋ ਨੌਜਵਾਨਾਂ ਨੇ ਖਰੜ ਨੇੜੇ ਬੱਸ ਨੂੰ ਰੋਕ ਲਿਆ ਅਤੇ ਡੰਡਿਆਂ ਅਤੇ ਪੱਥਰਾਂ ਨਾਲ ਅੱਗੇ ਅਤੇ ਪਾਸੇ ਦੀਆਂ ਖਿੜਕੀਆਂ ਤੋੜ ਦਿੱਤੀਆਂ। ਬਾਅਦ ਵਿੱਚ ਆਲਟੋ ਕਾਰ ਵਿੱਚ ਆਏ ਮੁਲਜ਼ਮ ਫ਼ਰਾਰ ਹੋ ਗਏ। ਫਿਲਹਾਲ ਖਰੜ ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਦਰਅਸਲ, ਮੰਗਲਵਾਰ ਨੂੰ ਸ਼ਾਮ ਨੂੰ ਖਰੜ 'ਚ ਹਿਮਾਚਲ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੇ ਹਮੀਰਪੁਰ ਡਿਪੂ ਦੀ ਬੱਸ 'ਤੇ ਕੁਝ ਅਣਪਛਾਤੇ ਲੋਕਾਂ ਨੇ ਹਮਲਾ ਕਰ ਦਿੱਤਾ। ਘਟਨਾ ਵਿੱਚ ਡਰਾਈਵਰ, ਕੰਡਕਟਰ ਅਤੇ ਸਵਾਰੀਆਂ ਦਾ ਕੋਈ ਨੁਕਸਾਨ ਨਹੀਂ ਹੋਇਆ ਪਰ ਬੱਸ ਦਾ ਸ਼ੀਸ਼ਾ ਬੁਰੀ ਤਰ੍ਹਾਂ ਟੁੱਟ ਗਿਆ। ਹਮਲੇ ਦੀ ਇਕ ਵੀਡੀਓ ਵੀ ਸਾਹਮਣੇ ਆਈ ਹੈ, ਜਿਸ 'ਚ ਦੇਖਿਆ ਜਾ ਸਕਦਾ ਹੈ ਕਿ ਹਮਲਾਵਰਾਂ ਨੇ ਬੱਸ 'ਤੇ ਲਾਠੀਆਂ ਨਾਲ ਹਮਲਾ ਕੀਤਾ ਅਤੇ ਸ਼ੀਸ਼ੇ ਤੋੜ ਦਿੱਤੇ। ਇਹ ਬੱਸ ਚੰਡੀਗੜ੍ਹ ਤੋਂ ਹਮੀਰਪੁਰ ਜਾ ਰਹੀ ਸੀ। ਬੱਸ ਅਪਰੇਟਰ ਲਵਲੀ ਕੁਮਾਰ ਨੇ ਦੱਸਿਆ ਕਿ ਬੱਸ ਸ਼ਾਮ ਕਰੀਬ 6.15 ਵਜੇ ਚੰਡੀਗੜ੍ਹ ਤੋਂ ਹਮੀਰਪੁਰ ਲਈ ਰਵਾਨਾ ਹੋਈ ਸੀ। ਜਦੋਂ ਬੱਸ ਖਰੜ ਪਹੁੰਚੀ ਤਾਂ ਇੱਕ ਵਾਹਨ ਨੇ ਉਸ ਨੂੰ ਓਵਰਟੇਕ ਕਰਕੇ ਰੁਕਣ ਦਾ ਇਸ਼ਾਰਾ ਕੀਤਾ। ਜਿਵੇਂ ਹੀ ਬੱਸ ਰੁਕੀ ਤਾਂ ਦੋ ਵਿਅਕਤੀ ਲਾਠੀਆਂ ਲੈ ਕੇ ਕਾਰ 'ਚੋਂ ਬਾਹਰ ਆਏ ਅਤੇ ਬੱਸ ਦੇ ਅਗਲੇ ਸ਼ੀਸ਼ੇ 'ਤੇ ਹਮਲਾ ਕਰਨਾ ਸ਼ੁਰੂ ਕਰ ਦਿੱਤਾ।

## ਕੇਂਦਰ ਨਾਲ ਮੀਟਿੰਗ ਮਗਰੋਂ ਪਰਤ ਰਹੇ ਸਨ ਕਿਸਾਨ ਆਗੂ

# ਪੰਧੇਰ ਤੇ ਡੱਲੇਵਾਲ ਨੂੰ ਪੁਲਿਸ ਨੇ ਕੀਤਾ 'ਗ੍ਰਿਫ਼ਤਾਰ'

**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਇੱਕ ਪਾਸੇ ਜਿੱਥੇ ਅੱਜ ਕਿਸਾਨਾਂ ਦੀ ਕੇਂਦਰ ਸਰਕਾਰ ਨਾਲ 7ਵੀਂ ਗੇੜ ਦੀ ਮੀਟਿੰਗ ਹੋਈ ਉੱਥੇ ਹੀ ਦੂਜੇ ਪਾਸੇ ਮੁਹਾਲੀ 'ਚ ਪੰਜਾਬ ਪੁਲਿਸ ਵੱਲੋਂ ਕਿਸਾਨ ਆਗੂਆਂ ਖਿਲਾਫ਼ ਵੱਡਾ ਐਕਸ਼ਨ ਲਿਆ ਗਿਆ ਹੈ। ਦਰਅਸਲ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਅਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਪੁਲਿਸ ਨੇ ਹਿਰਾਸਤ 'ਚ ਲੈ ਲਿਆ ਹੈ। ਦੱਸ ਦਈਏ ਕਿ ਕਿਸਾਨ ਮੀਟਿੰਗ ਮਗਰੋਂ ਪਰਤ ਰਹੇ ਸੀ। ਜਿਸ ਤੋਂ ਬਾਅਦ ਪੁਲਿਸ ਨੇ ਮੁਹਾਲੀ ਵਿਖੇ ਐਕਸ਼ਨ ਲਿਆ ਗਿਆ। ਮੀਟਿੰਗ ਤੋਂ ਬਾਅਦ ਸ਼ੰਭੂ ਅਤੇ ਖਨੌਰੀ ਸਰਹੱਦ 'ਤੇ ਵਾਪਸ ਆ ਰਹੇ ਕਿਸਾਨ ਆਗੂਆਂ ਨੂੰ ਪੰਜਾਬ



ਪੁਲਿਸ ਨੇ ਹਿਰਾਸਤ ਵਿੱਚ ਲੈ ਲਿਆ। 114 ਦਿਨਾਂ ਤੋਂ ਭੁੱਖ ਹੜਤਾਲ 'ਤੇ ਬੈਠੇ ਜਗਜੀਤ ਡੱਲੇਵਾਲ ਨੂੰ ਸੰਗਰੂਰ ਵਿੱਚ ਹਿਰਾਸਤ ਵਿੱਚ ਲੈ ਲਿਆ ਗਿਆ। ਇਸ ਦੌਰਾਨ ਪੁਲਿਸ ਅਤੇ ਕਿਸਾਨਾਂ ਵਿਚਕਾਰ ਝੜਪ ਵੀ ਹੋਈ। ਜਦਕਿ ਸਰਵਣ ਪੰਧੇਰ ਨੂੰ ਮੁਹਾਲੀ ਦੇ ਏਅਰਪੋਰਟ ਰੋਡ ਤੋਂ ਹਿਰਾਸਤ ਵਿੱਚ ਲਿਆ ਗਿਆ। ਦੱਸਿਆ ਜਾ ਰਿਹਾ ਹੈ ਕਿ ਸੰਗਰੂਰ ਤੋਂ ਪੁਲਿਸ ਫੋਰਸ ਦਾ ਵੱਡਾ ਕਾਫਲਾ ਖਨੌਰੀ ਵੱਲ ਰਵਾਨਾ ਹੋਇਆ ਹੈ। ਸਵੇਰ ਤੋਂ ਹੀ ਪੁਲਿਸ ਦੀ ਵੱਡੀ ਟੀਮ ਇੱਕਠੀ ਹੋ ਰਹੀ ਸੀ। ਕਿਹਾ ਜਾ ਰਿਹਾ ਹੈ ਕਿ ਪੰਧੇਰ ਅਤੇ ਡੱਲੇਵਾਲ ਨੂੰ ਡਿਟੇਨ ਕਰਨ ਮਗਰੋਂ ਹੁਣ ਸ਼ੰਭੂ ਅਤੇ ਖਨੌਰੀ ਬਾਰਡਰ 'ਤੇ ਵੱਡਾ ਐਕਸ਼ਨ ਹੋ ਸਕਦਾ ਹੈ। ਮਿਲੀ ਜਾਣਕਾਰੀ ਮੁਤਾਬਿਕ ਰਾਜਪੁਰਾ ਸ਼ੰਭੂ ਬਾਰਡਰ ਤੇ ਪੁਲਿਸ ਨੂੰ ਰੋਕਣ ਲਈ ਕਿਸਾਨਾਂ ਵੱਲੋਂ ਪੂਰੀ ਤਿਆਰੀ ਕੀਤੀ ਜਾ ਰਹੀ ਹੈ ਪੁਲਿਸ ਵੱਲੋਂ ਵੀ ਹਲਚਲ ਵਧ ਗਈ ਹੈ ਜੈ ਸਿੰਘ ਜਲਵੇੜਾ ਨੇ ਆਖਿਆ ਕਿ ਸਾਡੇ ਆਗੂ ਹਿਰਾਸਤ 'ਚ ਲੈ ਲਏ ਗਏ ਹਨ, ਸਾਨੂੰ ਪਤਾ ਹੁੰਦਾ ਤਾਂ ਅਸੀਂ ਬਿਲਕੁੱਲ ਵੀ ਮੀਟਿੰਗ ਵਿੱਚ ਨਹੀਂ ਜਾਂਦੇ ਸੀ। ਸ਼ੰਭੂ ਬਾਰਡਰ 'ਤੇ ਵੀ ਕਿਸਾਨਾਂ ਵੱਲੋਂ ਟਰਾਲੀਆਂ ਲਾ ਕੇ ਪੁਲਿਸ ਨੂੰ ਅੰਦਰ ਵੜਨ ਤੋਂ ਰੋਕਣ ਦੀ ਪੂਰੀ ਤਿਆਰੀ ਕਰ ਲਈ ਹੈ।

## ਭਾਈ ਅੰਮ੍ਰਿਤਪਾਲ ਸਿੰਘ ਦੇ ਵਕੀਲ ਨੇ ਕਿਹਾ : ਪੰਜਾਬ ਸਰਕਾਰ ਭਰੋਸਾ ਦੇਵੇ ਕਿ ਦੁਬਾਰਾ ਐੱਨ. ਐੱਸ. ਏ. ਨਹੀਂ ਲਾਵੇਗੀ ਤਾਂ ਪਟੀਸ਼ਨ ਵਾਪਸ ਲੈ ਸਕਦੇ ਹਾਂ

**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਆਜ਼ਾਦ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ 7 ਸਾਥੀਆਂ ਨੂੰ ਨੈਸ਼ਨਲ ਸਕਿਓਰਿਟੀ ਐਕਟ (ਐੱਨ. ਐੱਸ. ਏ.) ਦੇ ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਪ੍ਰੋਟੈਕਸ਼ਨ ਵਾਰੰਟ 'ਤੇ ਵਾਰੀ-ਵਾਰ ਪੰਜਾਬ ਲਿਆਂਦਾ ਜਾ ਰਿਹਾ ਹੈ। ਇਨ੍ਹਾਂ 'ਤੇ ਐੱਨ. ਐੱਸ. ਏ. ਦੀ ਸਮਾਂ ਹੱਦ ਖ਼ਤਮ ਹੋ ਗਈ ਹੈ। ਇਹ ਜਾਣਕਾਰੀ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਚੀਫ਼ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੁਮਿਤ ਗੋਇਲ 'ਤੇ ਆਧਾਰਿਤ ਬੈਂਚ ਦੇ ਸਾਹਮਣੇ ਸੁਣਵਾਈ ਦੌਰਾਨ ਪੰਜਾਬ ਸਰਕਾਰ ਨੇ ਦਿੱਤੀ ਹੈ। ਅਦਾਲਤ ਨੂੰ ਦੱਸਿਆ ਗਿਆ ਕਿ ਅੰਮ੍ਰਿਤਪਾਲ ਸਿੰਘ ਅਤੇ 2 ਲੋਕਾਂ 'ਤੇ ਐੱਨ. ਐੱਸ. ਏ. ਦੀ ਮਿਆਦ ਅਪ੍ਰੈਲ 'ਚ ਖ਼ਤਮ ਹੋਵੇਗੀ, ਜਿਨ੍ਹਾਂ ਨੂੰ ਵਾਪਸ ਲਿਆਉਣ 'ਤੇ ਬਾਅਦ 'ਚ ਵਿਚਾਰ ਕੀਤਾ ਜਾਵੇਗਾ। ਇਨ੍ਹਾਂ 'ਚ ਗੁਰਮੀਤ ਸਿੰਘ ਬੁੱਕਨਵਾਲ, ਦਲਜੀਤ ਸਿੰਘ ਕਲਸੀ, ਭਗਵੰਤ ਸਿੰਘ ਉਰਫ਼ ਪ੍ਰਧਾਨ ਮੰਤਰੀ ਬਾਜੇਕੇ, ਕੁਲਵੰਤ ਸਿੰਘ ਰਾਓਕੇ, ਵਰਿੰਦਰ ਫ਼ੌਜੀ, ਬਸੰਤ ਸਿੰਘ ਅਤੇ ਹਰਜੀਤ ਸਿੰਘ ਸ਼ਾਮਲ ਹਨ। ਇਨ੍ਹਾਂ ਸਾਰਿਆਂ ਨੂੰ ਅਜਨਾਲਾ ਦੀ ਅਦਾਲਤ 'ਚ ਪੇਸ਼ ਕੀਤਾ ਜਾਵੇਗਾ, ਜਿੱਥੇ ਇਨ੍ਹਾਂ ਖ਼ਿਲਾਫ਼ ਪੁਲਸ ਥਾਣੇ 'ਚ ਹਮਲੇ ਦੀ ਐੱਫ. ਆਈ. ਆਰ. ਦਰਜ ਹੈ। ਅਦਾਲਤ 'ਚ ਪੇਸ਼ ਕਰਕੇ ਸਾਰਿਆਂ ਨੂੰ ਅੰਮ੍ਰਿਤਸਰ ਜੇਲ੍ਹ 'ਚ ਰੱਖਿਆ ਜਾਣਾ ਲਗਭਗ ਤੈਅ ਹੈ। ਸਰਕਾਰ ਵਲੋਂ ਦਿੱਤੀ ਗਈ ਉਕਤ ਜਾਣਕਾਰੀ ਤੋਂ ਬਾਅਦ ਦਲਜੀਤ ਕਲਸੀ ਦੇ ਵਕੀਲ ਨੂੰ ਛੱਡ ਬਾਕੀਆਂ ਦੇ ਵਕੀਲਾਂ ਨੇ ਆਪਣੀਆਂ ਪਟੀਸ਼ਨਾਂ ਵਾਪਸ ਲੈ ਲਈਆਂ ਹਨ। ਕਲਸੀ ਦੇ ਵਕੀਲ ਹਾਕਮ ਸਿੰਘ ਨੇ ਕਿਹਾ ਕਿ ਕਲਸੀ ਖ਼ਿਲਾਫ਼ ਸਰਕਾਰ ਕੋਲ ਕੋਈ ਐਵੀਡੈਂਸ ਨਹੀਂ ਹੈ। ਇਸ 'ਤੇ ਸਰਕਾਰ ਨੇ ਕਿਹਾ ਕਿ ਉਹ ਅਗਲੀ ਸੁਣਵਾਈ 'ਚ ਐਫੀਡੇਵਿਟ ਦਾਖ਼ਲ ਕਰਨਗੇ। ਅੰਮ੍ਰਿਤਪਾਲ ਸਿੰਘ ਵਲੋਂ ਵਕੀਲ ਆਰ. ਐੱਸ. ਬੈਂਸ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਭਰੋਸਾ ਦੇਵੇ ਕਿ ਉਸ 'ਤੇ ਦੁਬਾਰਾ ਐੱਨ. ਐੱਸ. ਏ. ਨਹੀਂ ਲਾਵੇਗੀ ਤਾਂ ਉਹ ਵੀ ਆਪਣੀ ਪਟੀਸ਼ਨ ਵਾਪਸ ਲੈ ਸਕਦੇ ਹਨ ਪਰ ਪੰਜਾਬ ਸਰਕਾਰ ਨੇ ਇਸ 'ਤੇ ਫਿਲਹਾਲ ਕੁੱਝ ਨਹੀਂ ਕਿਹਾ। ਅੰਮ੍ਰਿਤਪਾਲ ਸਿੰਘ ਦੇ ਮਾਮਲੇ 'ਚ ਅਗਲੀ ਸੁਣਵਾਈ ਅਗਲੇ ਹਫ਼ਤੇ ਹੋਵੇਗੀ।



## ਦਮਦਮੀ ਟਕਸਾਲ ਦੇ ਮੁਖੀ ਸ੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਦੀ ਅਗਵਾਈ ਚ 28 ਮਾਰਚ ਨੂੰ ਅੰਮ੍ਰਿਤਸਰ ਵਿਖੇ ਹੋਵੇਗਾ ਬੇਸਮਾਲ ਇਕੱਠ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ



**ਅੰਮ੍ਰਿਤਸਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ 28 ਮਾਰਚ ਨੂੰ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਿੱਖ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਹੈ। ਗਿਆਨੀ ਖਾਲਸਾ ਭਿੰਡਰਾਂਵਾਲਿਆਂ ਨੇ ਆਖਿਆ ਕਿ ਤਖਤ ਸਾਹਿਬਾਨਾਂ ਦੇ ਜਥੇਦਾਰਾਂ ਨੂੰ ਹਟਾਉਣ ਅਤੇ ਨਵੇਂ ਲਗਾਉਣ ਦੇ ਫੈਸਲੇ ਦਾ ਪੁਰਜੋਰ ਵਿਰੋਧ ਕੀਤਾ ਜਾਵੇਗਾ। ਇਸ ਦੌਰਾਨ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਲੋਂ ਬਜਟ ਇਜਲਾਸ ਕੀਤਾ ਜਾਣਾ ਹੈ। ਜਿਸ ਦੌਰਾਨ ਸਮੂਹ ਧਾਰਮਿਕ ਜਥੇਬੰਦੀਆਂ ਨਿਹੰਗ ਸਿੰਘ ਜਥੇਬੰਦੀਆਂ ਕਿਸਾਨ ਜਥੇਬੰਦੀਆਂ ਅਤੇ ਪੰਜਾਬ ਦੇ ਕੋਨੇ ਕੋਨੇ ਵਿੱਚੋਂ ਸਿੱਖ ਸੰਗਤਾਂ ਉਥੇ ਪਹੁੰਚਣਗੀਆਂ ਅਤੇ ਰੋਸ ਦਾ ਪ੍ਰਗਟਾਵਾ ਕਰਨਗੀਆਂ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਆਖਿਆ ਕਿ ਸ਼ਾਂਤਮਈ ਢੰਗ ਦੇ ਨਾਲ ਸੰਗਤ ਵੱਡੀ ਗਿਣਤੀ ਦੇ ਵਿੱਚ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪਹੁੰਚੇਗੀ ਤੇ ਸਤਿਨਾਮੁ ਸ੍ਰੀ ਵਾਹਿਗੁਰੂ ਜੀ ਦਾ ਜਾਪ ਕਰਦਿਆਂ 28 ਮਾਰਚ ਨੂੰ 11 ਵਜੇ ਗੋਲਡਨ ਗੇਟ ਅੰਮ੍ਰਿਸਰ ਤੋਂ ਕਾਫਲਿਆਂ ਦੇ ਰੂਪ ਵਿੱਚ ਤੇਜਾ ਸਿੰਘ ਸਮੁੰਦਰੀ ਹਾਲ ਤੱਕ ਪਹੁੰਚੇਗੀ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਸੰਗਤਾਂ ਨੂੰ ਆਪੋ ਆਪਣੇ ਵਾਹਨਾਂ ਦੇ ਉੱਪਰ ਕੇਸਰੀ ਨਿਸ਼ਾਨ ਲਗਾ ਕੇ ਪਹੁੰਚਣ ਦੀ ਅਪੀਲ ਕੀਤੀ ਹੈ। ਗਿਆਨੀ ਖਾਲਸਾ ਨੇ ਆਖਿਆ ਕਿ ਕੇਵਲ ਪੰਜਾਬ ਦੀਆਂ ਹੀ ਨਹੀਂ ਸਗੋਂ ਪੂਰੇ ਭਾਰਤ ਦੇ ਵਿੱਚੋਂ ਸਿੱਖ ਸੰਗਤਾਂ ਨੇ ਵੱਡੇ ਪੱਧਰ ਤੇ ਇੱਥੇ ਪਹੁੰਚਣਗੀਆਂ ਅਤੇ ਪੰਥ ਵਿਰੋਧੀ ਫੈਸਲੇ ਦਾ ਡੱਟ ਕੇ ਵਿਰੋਧ ਕਰਨਗੀਆਂ ਤਖਤ ਸਾਹਿਬਾਨਾਂ ਦੀ ਮਰਿਆਦਾ ਨੂੰ ਬਹਾਲ ਰੱਖਣ ਅਤੇ ਦੁਨੀਆਂ ਭਰ ਦੇ ਵਿੱਚ ਸਿੱਖੀ ਦੀ ਮਹਾਨਤਾ ਨੂੰ ਕਾਇਮ ਕਰਨ ਦੇ ਲਈ ਵੱਡੇ ਪੱਧਰ ਤੇ ਇਹ ਮੋਰਚਾ ਫਤਿਹੇ ਕੀਤਾ ਜਾਵੇਗਾ ਅਤੇ ਸਿੱਖੀ ਦੀ ਨਵੇਕਲੀ ਪਹਿਚਾਣ ਨੂੰ ਧੁੰਦਲਾ ਨਹੀਂ ਹੋਣ ਦਿੱਤਾ ਜਾਵੇਗਾ।

## ਪੰਜਾਬ-ਹਿਮਾਚਲ ਬਾਰਡਰ 'ਤੇ ਮਾਹੌਲ ਤਣਾਅਪੂਰਨ; ਸਿੱਖ ਜਥੇਬੰਦੀਆਂ ਵੱਲੋਂ ਪ੍ਰਦਰਸ਼ਨ ਦੀ ਚਿਤਾਵਨੀ

**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ 'ਚ ਪੰਜਾਬੀ ਅਤੇ ਸਿੱਖ ਨੌਜਵਾਨਾਂ ਦੇ ਮੋਟਰਸਾਈਕਲਾਂ ਤੋਂ ਸੰਤ ਜਰਨੈਲ ਸਿੰਘ ਭਿੰਡਰਾਵਾਲਿਆਂ ਦੇ ਪੋਸਟਰ ਉਤਾਰਨ ਦਾ ਮਾਮਲਾ ਭਖਦਾ ਜਾ ਰਿਹਾ ਹੈ। ਹਿਮਾਚਲ ਦੇ ਕੁੱਲੂ ਤੋਂ ਉਠੇ ਇਸ ਵਿਵਾਦ ਦੇ ਵਿਰੋਧ ਵਿੱਚ ਪੰਜਾਬ ਵਿੱਚ ਸਿੱਖ ਜਥੇਬੰਦੀਆਂ ਵਿੱਚ ਤਿੱਖਾ ਰੋਸ ਪਾਇਆ ਜਾ ਰਿਹਾ ਹੈ। ਬੀਤੇ ਦਿਨ ਹਿਮਾਚਲ ਦੀਆਂ ਬੱਸਾਂ 'ਤੇ ਪੋਸਟਰ ਲਗਾਏ ਜਾਣ ਤੋਂ ਬਾਅਦ ਬੁੱਧਵਾਰ ਸਿੱਖ



ਜਥੇਬੰਦੀਆਂ ਵੱਲੋਂ ਹਿਮਾਚਲ ਬਾਰਡਰ ਵੱਲ ਕੂਚ ਕੀਤਾ ਗਿਆ, ਪਰੰਤੂ ਪੰਜਾਬ ਪੁਲਿਸ ਨੇ ਜਥੇਬੰਦੀਆਂ ਨੂੰ ਰਸਤੇ ਵਿੱਚ ਰੋਕ ਲਿਆ। ਫਿਲਹਾਲ ਮਾਹੌਲ ਬੇਹੱਦ ਹੀ ਤਣਾਅਪੂਰਨ ਹੋਇਆ ਪਿਆ ਹੈ। ਵੱਡੀ ਗਿਣਤੀ 'ਚ ਪੁਲਿਸ ਤੈਨਾਤ ਹੋਈ ਪਈ ਹੈ। ਜਾਣਕਾਰੀ ਮੁਤਾਬਿਕ ਸਿੱਖ ਜਥੇਬੰਦੀਆਂ ਨੇ ਪੰਜਾਬ ਹਿਮਚਾਲ ਬਾਰਡਰ 'ਤੇ ਪ੍ਰਦਰਸ਼ਨ ਕਰਨ ਦੀ ਚਿਤਾਵਨੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਐਚਆਰਟੀਸੀ ਨੇ ਐਡਵਾਈਜ਼ਰੀ ਜਾਰੀ ਕੀਤੀ ਹੈ। ਐਚਆਰਟੀਸੀ ਨੇ ਹੁਸ਼ਿਆਰਪੁਰ ਦੇ 10 ਰੂਟ ਮੁਅੱਤਲ ਕੀਤੇ ਹਨ। ਇਸ ਤੋਂ ਇਲਾਵਾ ਸਥਿਤੀ ਸੁਧਰਨ ਤੱਕ 10 ਰੂਟਾਂ 'ਤੇ ਬੱਸ ਸੇਵਾ ਬੰਦ ਰਹੇਗੀ। ਹਿਮਾਚਲ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਹੋਈ ਅਤੇ ਪੋਸਟਰ ਵਿਵਾਦ ਨੂੰ ਲੈ ਕੇ ਚਰਚਾ ਹੋਈ। ਇਸ ਮੁਲਾਕਾਤ ਤੋਂ ਬਾਅਦ ਸੀਐੱਮ ਸੁੱਖੂ ਨੇ ਕਿਹਾ ਕਿ ਮੈਂ ਇਸ ਮੁੱਦੇ 'ਤੇ ਪੰਜਾਬ ਦੇ ਮੁੱਖ ਮੰਤਰੀ ਨਾਲ ਗੱਲ ਕੀਤੀ ਹੈ, ਉਨ੍ਹਾਂ ਨੇ ਕਿਹਾ ਹੈ ਕਿ ਇਸ 'ਤੇ ਡੀਜੀਪੀ ਪੱਧਰ 'ਤੇ ਕਾਰਵਾਈ ਕੀਤੀ ਜਾਵੇਗੀ। ਕਈ ਵਾਰ ਅਜਿਹੀਆਂ ਘਟਨਾਵਾਂ ਵਾਪਰਨ 'ਤੇ ਨੌਜਵਾਨ ਪੀੜ੍ਹੀ ਗੁੰਮਰਾਹ ਹੋ ਜਾਂਦੀ ਹੈ। ਪੰਜਾਬ ਦੇ ਲੋਕ ਸਾਡੇ ਸਤਿਕਾਰਯੋਗ ਹਨ। ਅਸੀਂ ਆਪਣੇ ਸਾਰੇ ਗੁਰੂਆਂ ਦਾ ਸਤਿਕਾਰ ਕਰਦੇ ਹਾਂ। ਪੰਜਾਬ ਦੇ ਮੁੱਖ ਮੰਤਰੀ ਨੇ ਭਰੋਸਾ ਦਿੱਤਾ ਹੈ ਕਿ ਬੱਸਾਂ ਦੀ ਸੁਰੱਖਿਆ ਵਿੱਚ ਸੁਧਾਰ ਕੀਤਾ ਜਾਵੇਗਾ। ਦੂਜੇ ਪਾਸੇ ਪੰਜਾਬ ਵਿੱਚ ਸਰਕਾਰੀ ਬੱਸਾਂ ਤੋਂ ਇਲਾਵਾ ਐਚਪੀ ਨੰਬਰ ਵਾਲੇ ਨਿੱਜੀ ਵਾਹਨਾਂ ਨੂੰ ਵੀ ਰੋਕਿਆ ਜਾ ਰਿਹਾ ਹੈ। ਇਨ੍ਹਾਂ ਵਿੱਚ ਭਿੰਡਰਾਂਵਾਲਾ ਦੇ ਪੋਸਟਰ ਲਗਾਏ ਜਾ ਰਹੇ ਹਨ। ਬੀਤੀ ਸ਼ਾਮ ਵੀ ਦੋ ਨੌਜਵਾਨਾਂ ਨੇ ਪੰਜਾਬ ਦੇ ਖਰੜ ਵਿੱਚ ਚੰਡੀਗੜ੍ਹ ਤੋਂ ਹਮੀਰਪੁਰ ਆ ਰਹੀ ਹਿਮਾਚਲ ਪ੍ਰਦੇਸ਼ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੀ ਬੱਸ ਨੂੰ ਰੋਕਿਆ ਅਤੇ ਉਸ 'ਤੇ ਡੰਡਿਆਂ ਅਤੇ ਪੱਥਰਾਂ ਨਾਲ ਹਮਲਾ ਕਰ ਦਿੱਤਾ। ਕਾਬਿਲੇਗੌਰ ਹੈ ਕਿ ਕੁਝ ਦਿਨ ਪਹਿਲਾਂ ਹਿਮਾਚਲ ਪ੍ਰਦੇਸ਼ ਦੀਆਂ ਸੜਕਾਂ 'ਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਫੋਟੋਆਂ ਵਾਲੇ ਸਟਿਕਰ ਅਤੇ ਝੰਡੇ ਲਹਾਇਆ ਗਿਆ ਸੀ। ਇਸ ਮਾਮਲੇ ਦੇ ਮਗਰੋਂ ਹੁਣ ਸਿੱਖ ਯੂਥ ਆਫ਼ ਪੰਜਾਬ ਅਤੇ ਦਲ ਖਾਲਸਾ ਨੇ ਅਜੀਬ ਗਰੀਬ ਐਕਸ਼ਨ ਲੈਂਦਿਆਂ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਅਤੇ ਸਿਖ ਯੂਥ ਆਫ਼ ਪੰਜਾਬ ਦੇ ਮੁੱਖ ਸੇਵਾਦਾਰ ਗੁਰਨਾਮ ਸਿੰਘ ਮੂਨਕਾ ਦੀ ਅਗਵਾਈ ਵਿੱਚ ਨੌਜਵਾਨਾਂ ਨੇ ਹੁਸ਼ਿਆਰਪੁਰ ਦੇ ਬੱਸ ਸਟੈਂਡ 'ਤੇ ਖੜ੍ਹੀਆਂ ਹਿਮਾਚਲ ਪ੍ਰਦੇਸ਼ ਦੀਆਂ ਬੱਸਾਂ ਉੱਪਰ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀਆਂ ਫੋਟੋਆਂ ਵਾਲੇ ਸਟਿਕਰ ਲਗਾ ਦਿੱਤੇ।

## ਸੁਨੀਤਾ ਦੀ ਵਾਪਸੀ 'ਤੇ ਬੋਲੇ ਟਰੰਪ : 'ਵਾਅਦਾ ਕੀਤਾ, ਵਾਅਦਾ ਨਿਭਾਇਆ'

**ਵਾਸ਼ਿੰਗਟਨ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਮੂਲ ਦੀ ਅਮਰੀਕੀ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਅਤੇ ਬੁੱਚ ਵਿਲਮੋਰ 9 ਮਹੀਨਿਆਂ ਬਾਅਦ ਪੁਲਾੜ ਤੋਂ ਸੁਰੱਖਿਅਤ ਵਾਪਸ ਆਏ ਹਨ। ਦੋਵੇਂ ਸਪੇਸਐਕਸ ਦੇ ਡਰੈਗਨ ਕੈਪਸੂਲ ਰਾਹੀਂ ਧਰਤੀ 'ਤੇ ਉਤਰੇ। ਸੁਨੀਤਾ ਦੀ ਧਰਤੀ 'ਤੇ ਵਾਪਸੀ ਦਾ ਜਸ਼ਨ ਮਨਾਇਆ ਜਾ ਰਿਹਾ ਹੈ। ਹੁਣ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਬਿਆਨ ਆਇਆ ਹੈ। ਰਾਸ਼ਟਰਪਤੀ ਟਰੰਪ ਨੇ ਅਮਰੀਕੀ ਮੀਡੀਆ ਨੂੰ ਕਿਹਾ, ਜਦੋਂ ਰਾਸ਼ਟਰਪਤੀ ਬਣਨ ਤੋਂ ਬਾਅਦ ਮੈਂ ਅਹੁਦਾ ਸੰਭਾਲਿਆ ਤਾਂ ਮੈਂ ਐਲੋਨ



ਮਸਕ ਨੂੰ ਕਿਹਾ ਕਿ ਸਾਨੂੰ ਸੁਨੀਤਾ ਅਤੇ ਬੁੱਚ ਵਿਲਮੋਰ ਨੂੰ ਵਾਪਸ ਲਿਆਉਣਾ ਪਵੇਗਾ। ਸਾਬਕਾ ਰਾਸ਼ਟਰਪਤੀ ਬਾਈਡੇਨ ਨੇ ਉਨ੍ਹਾਂ ਨੂੰ ਛੱਡ ਦਿੱਤਾ ਹੈ। ਉਸਨੇ ਉਨ੍ਹਾਂ ਨੂੰ ਛੱਡ ਦਿੱਤਾ। ਹੁਣ ਉਹ ਵਾਪਸ ਆ ਗਏ ਹਨ। ਉਨ੍ਹਾਂ ਨੂੰ ਬਿਹਤਰ ਹੋਣਾ ਪਵੇਗਾ ਅਤੇ ਜਦੋਂ ਉਹ ਠੀਕ ਹੋ ਜਾਣਗੇ ਤਾਂ ਉਹ ਓਵਲ ਆਫਿਸ (ਰਾਸ਼ਟਰਪਤੀ ਦਫਤਰ) ਆਉਣਗੇ। ਇਸ ਤੋਂ ਪਹਿਲਾਂ ਵਾਈਸ ਹਾਊਸ ਨੇ ਐਕਸ 'ਤੇ ਲਿਖਿਆ ਸੀ, "ਜੋ ਵੀ ਵਾਅਦਾ ਕੀਤਾ ਗਿਆ ਸੀ, ਉਹ ਪੂਰਾ ਕੀਤਾ ਗਿਆ ਹੈ।" ਰਾਸ਼ਟਰਪਤੀ ਟਰੰਪ ਨੇ 9 ਮਹੀਨਿਆਂ ਤੋਂ ਪੁਲਾੜ ਵਿੱਚ ਫਸੇ ਪੁਲਾੜ ਯਾਤਰੀਆਂ ਨੂੰ ਬਚਾਉਣ ਦਾ ਵਾਅਦਾ ਕੀਤਾ ਸੀ। ਅੱਜ ਉਹ ਸੁਰੱਖਿਅਤ ਉਤਰ ਗਿਆ ਹੈ। ਐਲੋਨ ਮਸਕ, ਸਪੇਸਐਕਸ ਅਤੇ ਨਾਸਾ ਦਾ ਧੰਨਵਾਦ। ਸੁਨੀਤਾ ਅਮਰੀਕੀ ਪੁਲਾੜ ਏਜੰਸੀ ਨਾਸਾ ਦੀ ਇੱਕ ਪੁਲਾੜ ਯਾਤਰੀ ਹੈ। ਜਦੋਂ ਸੁਨੀਤਾ ਡਰੈਗਨ ਕੈਪਸੂਲ ਵਿੱਚੋਂ ਬਾਹਰ ਆਈ ਤਾਂ ਉਸਦੇ ਚਿਹਰੇ 'ਤੇ ਮੁਸਕਰਾਹਟ ਸੀ। ਉਸਨੇ ਲੋਕਾਂ ਦਾ ਸਵਾਗਤ ਕੀਤਾ। ਪਹਿਲਾਂ ਤੋਂ ਯੋਜਨਾਬੱਧ ਸ਼ਿਡਊਲ ਅਨੁਸਾਰ ਸੁਨੀਤਾ ਦਾ ਪੁਲਾੜ ਯਾਨ ਸਵੇਰੇ 3.27 ਵਜੇ ਫਲੋਰੀਡਾ ਤੱਟ 'ਤੇ ਉਤਰਿਆ। ਸੁਨੀਤਾ ਦੀ ਵਾਪਸੀ ਤੋਂ ਬਾਅਦ ਭਾਰਤ ਵਿੱਚ ਅੱਧੀ ਰਾਤ ਨੂੰ ਹੀ ਜਸ਼ਨ ਸ਼ੁਰੂ ਹੋ ਗਏ। ਸਭ ਤੋਂ ਵੱਧ ਖੁਸ਼ੀ ਸੁਨੀਤਾ ਦੇ ਜੱਦੀ ਪਿੰਡ ਮਹਿਸਾਣਾ ਵਿੱਚ ਪ੍ਰਗਟ ਕੀਤੀ ਗਈ। ਲੋਕ ਗਰਬਾ ਡਾਂਸ ਕਰਨ ਲੱਗ ਪਏ। ਪਿੰਡ ਵਿੱਚ ਦੀਵਾਲੀ ਵਰਗਾ ਮਾਹੌਲ ਸੀ। ਸਮੁੰਦਰ ਕੰਢੇ ਉਤਰਨ ਤੋਂ ਬਾਅਦ ਡਰੈਗਨ ਸਪੇਸਕ੍ਰਾਫਟ ਦਾ ਸਫ਼ਰ ਵੀ ਬਹੁਤ ਰੋਮਾਂਚਕ ਸੀ। ਡਰੈਗਨ ਕੈਪਸੂਲ ਨੂੰ ਇੱਕ ਜਹਾਜ਼ 'ਤੇ ਰੱਖਿਆ ਗਿਆ ਸੀ। ਸਾਰਿਆਂ ਦੀਆਂ ਨਜ਼ਰਾਂ ਇਸ ਗੱਲ 'ਤੇ ਸਨ ਕਿ 17 ਘੰਟਿਆਂ ਬਾਅਦ ਕੈਪਸੂਲ ਵਿੱਚੋਂ ਬਾਹਰ ਆਉਣ ਵਾਲੇ ਚਾਰ ਪੁਲਾੜ ਯਾਤਰੀਆਂ ਦੀ ਹਾਲਤ ਕੀ ਹੋਵੇਗੀ, ਪਰ ਜਦੋਂ ਚਾਰੇ ਪੁਲਾੜ ਯਾਤਰੀ ਇੱਕ-ਇੱਕ ਕਰਕੇ ਬਾਹਰ ਆਏ ਤਾਂ ਉਨ੍ਹਾਂ ਦੇ ਚਿਹਰਿਆਂ




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛਕੋ / Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫਤਹਿ | ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੋਹੜ ਵੱਡੋ | ਪੰਥ ਕੀ ਜੀਤ

## ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ। ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ।

**ਮਿਤੀ 25 ਮਾਰਚ, 2025**
ਦਿਨ ਮੰਗਲਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

**ਮਿਤੀ 26 ਮਾਰਚ, 2025**
ਦਿਨ ਬੁੱਧਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

**ਮਿਤੀ 27 ਮਾਰਚ, 2025**
ਦਿਨ ਵੀਰਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਭੌਲਾ)







ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਭੌਲਾ



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


ੴ ਸਤਿਗੁਰ ਪ੍ਰਸਾਦਿ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114


धर्म प्रचार
हरियाणा सिख गुरूद्वारा प्रबंधक कमेटी
की तरफ से
धन-धन श्री गुरु गोबिंद सिंह जी के परम् सेवक शहीद पीर बुधु शाह जी के
321 वें शहीदी दिवस को समर्पित सालाना
गुरमत समागम
पीर बुधु शाह जी मैमोरियल हॉल (नजदीक गुरूद्वारा जन्म स्थान शहीद पीर बुधु शाह जी, सढौरा जिला यमुनानगर में
दिनांक 21-03-2025 दिन शुक्रवार को सवेरे 9:00 बजे से 3:00 बजे तक इलाके की सभी संगतों के सहयोग से मनाया जा रहा है।
आरंभ श्री आखंड पाठ साहिब 19-03-2025 दिन बुधवार
भोग श्री आखंड पाठ साहिब 21-03-2025 दिन शुक्रवार
गुरू का लंगर अटूट वरतेगा
LIVE ON
पहुंच रहे रागी जत्थे, ढाढी जत्थे व कथावाचक साहिबान
भाई बलप्रीत सिंह जी रागी जत्था, लुधियाना वाले
भाई रणजीत सिंह जी कथावाचक धर्म प्रचार (HSGMC)
जत्थेदार भूपिन्द्र सिंह, असंध
प्रधान
हरियाणा सिख गुरूद्वारा प्रबंधक कमेटी
सरदार सुखविन्द्र सिंह मंढेबर, सचिव
सरदार हरबंस सिंह कड़कौली, मैंबर
सरदार अमरजीत सिंह, मैंबर
जत्थेदार बलजीत सिंह दादूवाल
चैयरमैन, धर्म प्रचार
हरियाणा सिख गुरूद्वारा प्रबंधक कमेटी
बेनती कर्ता: सचिव धर्म प्रचार, हरियाणा सिख गुरूद्वारा प्रबंधक कमेटी, सभी साध संगत व गुरूद्वारा शहीद पीर बुधु शाह जी प्रबंधक कमेटी व सेवा सोसाईटी, सढौरा
M.89292-55553, 98969-57535
94163-94177

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ

ਛਤਰ ਛਾਇਆ ਹੇਠ ਸ੍ਰੀ ਮਾਨ 108 ਸੰਤ ਬਾਬਾ ਹਰਨਾਮ ਸਿੰਘ ਜੀ
ਰੱਤੋ ਕੇ ਵਾਲਿਆਂ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ

# ਸਲਾਨਾ ਜੋੜ ਮੇਲਾ



ਗੁਰਦੁਆਰਾ ਸਾਹਿਬ
ਪਿੰਡ ਮਹਾਲਮ

ਸਮੂਹ ਸਾਧ ਸੰਗਤ ਇਲਾਕਾ ਨਿਵਾਸੀ ਪਿੰਡ ਮਹਾਲਮ ਫਿਰੋਜ਼ਪੁਰ ਵੱਲੋਂ ਕਰਵਾਇਆ ਜਾ ਰਿਹਾ ਹੈ
ਆਪ ਸਭ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮ ਵਿੱਚ ਸਮੇਤ ਪਰਿਵਾਰ ਹਾਜ਼ਰੀਆਂ ਭਰ ਕੇ ਤਨ ਮਨ
ਅਤੇ ਧਨ ਨਾਲ ਸੇਵਾ ਕਰਕੇ ਗੁਰੂ ਘਰ ਦੀ ਖੁਸ਼ੀਆਂ ਪ੍ਰਾਪਤ ਕਰੋ ਜੀ



108 ਧੰਨ ਧੰਨ
ਸੰਤ ਬਾਬਾ ਹਰਨਾਮ ਸਿੰਘ ਜੀ




ਢਾਡੀ ਜੱਥਾ ਭਾਈ ਤਰਸੇਮ ਸਿੰਘ ਅਮਰਕੋਟ

ਰਾਤ ਦਾ ਦੀਵਾਨ ਦਿਨ ਵੀਰਵਾਰ
20 ਮਾਰਚ ਸਮਾਂ 7 ਤੋਂ 9 ਵਜੇ ਤੱਕ



ਕਵੀਸ਼ਰੀ ਜੱਥਾ ਭਾਈ ਭਗਵੰਤ ਸਿੰਘ ਸੂਰਵਿੰਡ

ਦਿਨ ਦਾ ਦੀਵਾਨ ਦਿਨ ਸ਼ੁੱਕਰਵਾਰ 21 ਮਾਰਚ
ਸਮਾਂ 11:30 ਤੋਂ 1:30 ਵਜੇ ਤੱਕ



ਢਾਡੀ ਜੱਥਾ ਭਾਈ ਮਨਬੀਰ ਸਿੰਘ ਬੀ.ਏ ਪਹੂਵਿੰਡ

ਦਿਨ ਦਾ ਦੀਵਾਨ ਦਿਨ ਸ਼ੁੱਕਰਵਾਰ 21 ਮਾਰਚ
ਸਮਾਂ 2:00 ਤੋਂ 4:00 ਵਜੇ ਤੱਕ



ਸੱਚਖੰਡ ਵਾਸੀ
ਧੰਨ ਧੰਨ ਬਾਬਾ
ਸ਼ਿੰਗਾਰਾ ਸਿੰਘ ਜੀ



ਗੁਰਮਤਿ ਸਮਾਗਮ ਦਾ
ਸਿੱਧਾ ਪ੍ਰਸਾਰਣ
punjabivirsa

9 ਚੇਤਰ 22 ਮਾਰਚ ਸ਼ਾਮ ਨੂੰ ਨਿਹੰਗਾਂ ਸਿੰਘਾਂ ਵੱਲੋਂ
ਘੋੜਿਆਂ ਦੇ ਜੋਹਰ ਅਤੇ ਮਹੱਲਾ ਕੱਢਿਆ ਜਾਵੇਗਾ।

**ਕਬੱਡੀ ਦਾ ਵੱਡਾ ਸ਼ੋ ਮੈਚ**
ਸ਼ਾਮ 4 ਵਜੇ ਅੰਤਰਰਾਸ਼ਟਰੀ ਕਲੱਬਾਂ
ਦੇ ਵਿਚਕਾਰ ਖੇਡਿਆ ਜਾਵੇਗਾ।





ਮੌਜੂਦਾ ਮੁਖੀ ਸੰਤ ਬਾਬਾ
ਦਾਰਾ ਸਿੰਘ ਜੀ

KABADDI SPORTS
ਕਬੱਡੀ ਸ਼ੋਅ ਮੈਚ ਦਾ LIVE
ਸਿੱਧਾ ਪ੍ਰਸਾਰਣ

ਸਟੇਜ ਸੈਕਟਰੀ ਦੀ ਆਗਿਆ ਤੋਂ ਬਿਨਾਂ ਕੋਈ ਵੀ ਵੀਰ ਸਟੇਜ ਤੋਂ ਬੋਲਣ ਦੀ ਖੇਚਲ ਨਾਂ ਕਰੇ। ਬਿਨਾਂ ਸੱਦੇ ਜੱਥਿਆਂ ਨੂੰ ਸਮਾਂ ਨਹੀਂ ਦਿੱਤਾ ਜਾਵੇਗਾ।

ਗੁਰੂ ਕਾ ਲੰਗਰ
ਅਤੁੱਟ ਵਰਤੇਗਾ।

ਵੱਲੋਂ: ਸਮੂਹ ਸਾਧ ਸੰਗਤ ਪਿੰਡ ਮਹਾਲਮ, (ਫਿਰੋਜ਼ਪੁਰ)
ਸੰਪਰਕ (ਹੈੱਡ ਗ੍ਰੰਥੀ) ਬਾਬਾ ਬਲਵਿੰਦਰ ਸਿੰਘ ਜੀ: 98553-21294

ਕੋਈ ਵੀ ਵੀਰ
ਨਸ਼ਾ ਕਰ ਕੇ ਨਾਂ ਆਵੇ।

**ਫਿਰੋਜ਼ਪੁਰ ਦੇ ਪਿੰਡ ਮਹਾਲਮ ਦੇ ਵਿੱਚ ਧੰਨ ਧੰਨ ਬਾਬਾ ਹਰਨਾਮ ਸਿੰਘ ਜੀ ਰੱਤੋਕਿਆਂ ਵਾਲਿਆਂ ਦੀ ਯਾਦ ਵਿੱਚ 21 ਮਾਰਚ ਨੂੰ ਹੋਣ ਵਾਲੇ ਜੋੜ ਮੇਲੇ ਦੇ ਲਈ ਨੌਜਵਾਨਾਂ ਵਿਚ ਉਤਸ਼ਾਹ ,ਜੋੜ ਮੇਲੇ ਵਿੱਚ ਪਹੁੰਚਣ ਲਈ ਨੋਜਵਾਨਾਂ ਨੇ ਸੰਗਤਾਂ ਨੂੰ ਕੀਤੀ ਅਪੀਲ।**

## ਫਿਰੋਜ਼ਪੁਰ ਤੋਂ ਸੁਖਮੰਦਰ ਸਿੰਘ ਸ਼ਾਤ ਦੀ ਰਿਪੋਰਟ

ਆਵਾਜ਼ਿ ਕੌਮ AWAZE QAUM International Newspaper & WEB TV




### 28 ਮਾਰਚ ਦੇ ਪ੍ਰੋਗਰਾਮ ਲਈ ਸੰਗਤ ਵਿਚ ਭਾਰੀ ਉਤਸ਼ਾਹ: ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ

# ਹਿਮਾਚਲ ’ਚ ਨਿਸ਼ਾਨ ਸਾਹਿਬ ਅਤੇ ਸੰਤਾਂ ਦੀ ਤਸਵੀਰ ਦਾ ਅਪਮਾਨ ਕਰਨ ਵਾਲੇ ਅਨਸਰ ਬਾਜ ਆਉਣ

**ਚੌਂਕ ਮਹਿਤਾ / ਅੰਮ੍ਰਿਤਸਰ 19 ਮਾਰਚ (ਆਵਾਜ਼ਿ ਕੌਮ ਬਿਊਰੋ)**- ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ ਤਖ਼ਤਾਂ ਦੇ ਜਥੇਦਾਰਾਂ ਦੀ ਨਵੀਂ ਨਿਯੁਕਤੀ ਰੱਦ ਕਰਨ ਅਤੇ ਪੁਰਾਣਿਆਂ ਦੀ ਬਹਾਲੀ ਲਈ 28 ਮਾਰਚ ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ, ਸ੍ਰੀ ਅੰਮ੍ਰਿਤਸਰ ਪਹੁੰਚਣ ਦਾ ਜੋ ਪ੍ਰੋਗਰਾਮ ਉਲੀਕਿਆ ਗਿਆ ਹੈ ਉਸ ਪ੍ਰਤੀ ਪੰਥ ਵਿਚ ਭਾਰੀ ਉਤਸ਼ਾਹ

ਆਵਾਜ਼ਿ ਕੌਮ AWAZE QAUM International Newspaper & WEB TV

ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਫ਼ੈਸਲਾ ਅਟੱਲ ਹੈ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੰਥਕ ਇਕੱਠ ਦੌਰਾਨ ਉਲੀਕੇ ਗਏ ਪ੍ਰੋਗਰਾਮ ਵਿਚ ਕੋਈ ਤਬਦੀਲੀ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਸਿੱਖ ਸੰਗਤਾਂ ਨੂੰ ਰੋਸ ਧਰਨੇ ਵਾਲੇ ਵੱਡੇ ਪੰਥਕ ਇਕੱਠ ਵਿਚ ਹੁਮ ਹੁਮਾ ਕੇ ਅਤੇ ਕੇਸਰੀ ਕੇਸਰੀ ਨਿਸ਼ਾਨ ਸਾਹਿਬ ਲਾ ਕੇ ਪੰਜਾਬ ਦੇ ਕੋਨੇ ਕੋਨੇ ਦੇ ਵਿੱਚੋਂ ਗੱਡੀਆਂ ਕਾਰਾਂ ਨਾਲ ਕਾਫ਼ਲਿਆਂ ਦੇ ਰੂਪ ਵਿੱਚ ਵਹੀਰਾਂ ਘਤ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਗੋਲਡਨ ਗੇਟ ਵਿਖੇ 11 ਵਜੇ ਤੋਂ ਪਹਿਲਾਂ ਪਹੁੰਚਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਉੱਥੋਂ 12 ਵਜੇ ਸੰਤ ਸਮਾਜ ਦੇ ਮਹਾਂਪੁਰਖ, ਨਿਹੰਗ ਸਿੰਘ ਜਥੇਬੰਦੀਆਂ ਨਾਲ ਕਾਫ਼ਲੇ ਦੇ ਰੂਪ ਵਿਚ ਪਰ ਸ਼ਾਂਤਮਈ ਤਰੀਕੇ ਸ਼੍ਰੋਮਣੀ ਕਮੇਟੀ ਦਫ਼ਤਰ ਸ. ਤੇਜਾ ਸਿੰਘ ਸਮੁੰਦਰੀ ਹਾਲ, ਪਹੁੰਚਿਆ ਜਾਵੇਗਾ। ਜਿੱਥੇ ਬਜਟ ਇਜਲਾਸ ’ਚ ਸ਼ਾਮਿਲ ਹੋਣ ਆਏ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨੂੰ ਇਸ ਗੱਲ ਲਈ ਮਜਬੂਰ ਕੀਤਾ ਜਾਵੇਗਾ ਕਿ ਉਹ ਅੰਤ੍ਰਿੰਗ ਕਮੇਟੀ ਵੱਲੋਂ ਜਥੇਦਾਰਾਂ ਬਾਰੇ ਲਏ ਗਏ ਗ.ਲਤ ਤੇ ਪੰਥ ਵਿਰੋਧੀ ਫ਼ੈਸਲੇ ਨੂੰ ਬਦਲਣ ਲਈ ਇਕ ਸੁਰ ਹੋਣ ਅਤੇ ਮਨ ਮਰਜ਼ੀ ਨਾਲ ਹਟਾਏ ਜਥੇਦਾਰਾਂ ਨੂੰ ਮੁੜ ਬਹਾਲ ਕਰਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਸੰਗਤਾਂ ਦੀ ਸ਼ਮੂਲੀਅਤ ਅਤੇ ਸੁਵਿਧਾਵਾਂ ਵਾਸਤੇ ਵੱਖ-ਵੱਖ ਇਲਾਕਿਆਂ ਵਿੱਚੋਂ ਸਿੰਘਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਸਿੰਘ ਸਾਹਿਬਾਨਾਂ ਨੂੰ ਲਵਾਉਣ ਅਤੇ ਸੇਵਾ ਮੁਕਤੀ ਜਾਂ ਵਿਦਾਇਗੀ ਦੇਣ ਲਈ ਸਨਮਾਨ ਜਨਕ ਕੋਈ




ਵਿਧੀ ਵਿਧਾਨ ਬਣਨਾ ਚਾਹੀਦਾ ਹੈ। ਜਿਸ ਦੀ ਮੰਗ ਸ਼੍ਰੋਮਣੀ ਕਮੇਟੀ ਅੱਗੇ ਰੱਖੀ ਜਾਵੇਗੀ। ਉਨ੍ਹਾਂ ਕਿਹਾ ਦਿੱਲੀ, ਰਾਜਸਥਾਨ , ਹਰਿਆਣਾ ਤੋਂ ਇਲਾਵਾ ਮਹਾਂਰਾਸ਼ਟਰ ਤੋਂ ਵੀ ਸੰਗਤਾਂ ਆਪੋ ਆਪਣੇ ਸਾਧਨਾਂ ਰਾਹੀਂ ਪਹੁੰਚਣ ਵਾਸਤੇ ਤਿਆਰ ਬਰ ਤਿਆਰ ਬੈਠੀਆਂ ਹਨ। ਪਰ ਅੰਮ੍ਰਿਤਸਰ ਦੀਆਂ ਸੰਗਤਾਂ ਦੀ ਵਿਸ਼ੇਸ਼ ਸ਼ਮੂਲੀਅਤ ਹੋਣੀ ਚਾਹੀਦੀ ਹੈ ਅਤੇ ਸ਼ਹਿਰ ਦੀ ਸੰਗਤ ਨੂੰ ਪੰਜਾਬ ਤੋਂ ਬਾਹਰੋਂ ਆਉਣ ਵਾਲੀਆਂ ਸੰਗਤਾਂ ਦਾ ਸਨਮਾਨ ਵੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਡਾ ਪ੍ਰੋਗਰਾਮ ਪੂਰਨ ਰੂਪ ਦੇ ਵਿੱਚ ਸ਼ਾਂਤਮਈ ਹੋਏਗਾ ।ਉਨ੍ਹਾਂ ਨਿਹੰਗ ਸਿੰਘ ਜਥੇਬੰਦੀਆਂ, ਸੰਤ ਸਮਾਜ, ਖ਼ਾਲਸਾ ਦੀਵਾਨ, ਸਿੱਖ ਜਥੇਬੰਦੀਆਂ, ਸਿੱਖ ਫੈਡਰੇਸ਼ਨਾਂ ਅਤੇ ਗੁਰਦੁਆਰਿਆਂ ਦੀਆਂ ਪ੍ਰਬੰਧਕ ਕਮੇਟੀਆਂ ਨੂੰ ਵੀ ਪੁਰਜ਼ੋਰ ਸ਼ਮੂਲੀਅਤ ਦੀ ਅਪੀਲ ਕੀਤੀ।

**ਹਿਮਾਚਲ ’ਚ ਨਿਸ਼ਾਨ ਸਾਹਿਬ ਅਤੇ ਸੰਤਾਂ ਦੀ ਤਸਵੀਰ ਦਾ ਅਪਮਾਨ ਕਰਨ ਵਾਲੇ ਅਨਸਰ ਬਾਜ ਆਉਣ :**

ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਨੇ ਹਿਮਾਚਲ ਪੁਲਿਸ ਅਤੇ ਸਰਕਾਰ ਨੂੰ ਸਿੱਖੀ ਦੇ ਨਿਸ਼ਾਨ ਸਾਹਿਬ ਅਤੇ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਲੱਗੇ ਝੰਡਿਆਂ ਦਾ ਨਿਰਾਦਰ ਕਰਨ ਅਤੇ ਪੰਜਾਬ ਤੋਂ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਨੂੰ ਜਾ ਰਹੇ ਨੌਜਵਾਨ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਦਾ ਸਖ਼ਤ ਨੋਟਿਸ ਲਿਆ।

ਉਨ੍ਹਾਂ ਕਿਹਾ ਕਿ ਹਿਮਾਚਲ ਦੀ ਸਰਕਾਰ ਨੇ ਸਿੱਖ ਨੌਜਵਾਨ ਨਾਲ ਧੱਕੇਸ਼ਾਹੀ ਕਰਨ ਵਾਲੇ ਸਥਾਨਕ ਵਸਨੀਕਾਂ ਅਤੇ ਪੁਲੀਸ ਅਧਿਕਾਰੀਆਂ ਕਾਨੂੰਨੀ ਕਾਰਵਾਈ ਕਰਨ ਦੀ ਬਜਾਏ ਉਲਟਾ ਪੰਜਾਬ ਦੇ ਨੌਜਵਾਨਾਂ ’ਤੇ ਪਰਚੇ ਕਰਕੇ ਵੱਡੀ ਧੱਕੇਸ਼ਾਹੀ ਕੀਤੀ ਹੈ। ਜਿਸ ਦੀ ਮੈਂ ਭਰਪੂਰ ਨਿੰਦਿਆ ਕਰਦਾ ਹਾਂ ਔਰ ਹਿਮਾਚਲ ਸਰਕਾਰ ਨੂੰ ਸਾੜਨਾ ਕਰਦਾ ਇਹੋ ਜਿਹੇ ਮਾਹੌਲ ਨੂੰ ਭੜਕਾਉਣ ਦਾ ਯਤਨ ਨਾ ਕਰਨ, ਦੇਸ਼ ਦੇ ਵਿੱਚ ਹਰ ਇੱਕ ਨੂੰ ਦੇਸ਼ ਵਿੱਚ ਹਰ ਨਾਗਰਿਕ ਬਰਾਬਰਤਾ ਦਾ ਅਧਿਕਾਰ ਰੱਖਦਾ ਹੈ। ਬਾਕੀ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ ਕੌਮ ਦੀ ਧਾਰਮਿਕ ਸ਼ਖ਼ਸੀਅਤ ਸੀ। ਉਹਨਾਂ ਨੇ ਕੌਮ ਦੇ ਹੱਕਾਂ ਲਈ ਜੰਗ ਲੜੀ। ਦੂਜੀ ਗੱਲ ਉਹਨਾਂ ਨੇ ਹਮੇਸ਼ਾ ਹਰ ਧਰਮ ਦਾ ਸਤਿਕਾਰ ਕੀਤਾ । ਉਹਨਾਂ ਨੇ ਹਿੰਦੂ ਧਰਮ ਅਤੇ ਮੁਸਲਮਾਨ ਧਰਮ ਦਾ ਵੀ ਸਤਿਕਾਰ ਕੀਤਾ। ਕੁਝ ਵਿਅਕਤੀ ਉਹਨਾਂ ਦੀ ਸ਼ਖ਼ਸੀਅਤ ਪ੍ਰਤੀ ਨਫ਼ਰਤ ਤੇ ਕੂੜ ਨਾਲ ਭਰਿਆ ਪ੍ਰਚਾਰ ਕਰ ਰਹੇ ਹਨ। ਜਿਹੜੀ ਸ਼ਖ਼ਸੀਅਤ ਦੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ’ਚ ਪਵਿੱਤਰ ਯਾਦਗਾਰ ਗੁਰ ਅਸਥਾਨ ਬਣ ਚੁੱਕੇ ਹੈ, ਜਿੱਥੇ ਹਰ ਪ੍ਰਾਣੀ ਮਾਤਰ ਜਾ ਕੇ ਨਤਮਸਤਕ ਹੁੰਦਾ ਹੈ। ਉਹ ਸਿੱਖਾਂ ਲਈ ਹਮੇਸ਼ਾ ਹੀ ਸਰਬ ਪ੍ਰਵਾਨਿਤ ਔਰ ਹਰ ਸਿੱਖ ਦਾ ਸਿਰ ਉਹਨਾਂ ਵੀ ਕੁਰਬਾਨੀ ਅੱਗੇ ਝੁਕਦਾ ਹੈ।

ਉਨ੍ਹਾਂ ਹਿਮਾਚਲ ਸਰਕਾਰ ਨੂੰ ਹਾਲਾਤ ਖ਼ਰਾਬ ਨਾ ਕਰਨ ਦੀ ਸਲਾਹ ਦਿੱਤੀ ਅਤੇ ਕਿਹਾ ਕਿ ਗੁਆਂਢੀ ਰਾਜ ਹਿਮਾਚਲ, ਹਰਿਆਣਾ ਅਤੇ ਰਾਜਸਥਾਨ ਸਭ ਦਾ ਪੰਜਾਬ ਨਾਲ ਗਹਿਰੇ ਰਿਸ਼ਤੇ ਹਨ। ਜਿੱਥੇ ਗੁਰੂ ਦੇ ਸਿੱਖ ਗੁਰਧਾਮਾਂ ਦੀ ਯਾਤਰਾ ਕਰਨ ਜਾਂਦਾ ਹਨ ਜਾਂ ਪਹਾੜਾਂ ਦੇ ਵਿੱਚ ਕਈ ਵਾਰੀ ਸੈਰ ਕਰਨ ਵੀ ਜਾਂਦੇ ਹਨ। ਉਹਨਾਂ ਨੂੰ ਬਿਨਾਂ ਰੋਕ ਟੋਕ ਜਾਣ ਦੀ ਆਗਿਆ ਹੋਣੀ ਚਾਹੀਦੀ ਹੈ। ਹਿਮਾਚਲ ਵਾਲਿਆਂ ਨੂੰ ਇਨ੍ਹਾਂ ਹਰਕਤ ਤੋਂ ਬਾਜ ਆਉਣ ਦੀ ਨਸੀਹਤ ਦਿੰਦਿਆਂ ਉਨ੍ਹਾਂ ਕਿਹਾ ਕਿ ਸਿੱਖ ਸੰਗਤਾਂ ਦੇ ਵਿੱਚ ਬਹੁਤ ਰੋਸ ਹੈ ।ਮੈਂ ਮੁੱਖ ਮੰਤਰੀ ਹਿਮਾਚਲ ਦੇ ਨੂੰ ਕਹਿਣਾ ਚਾਹੁੰਦਾ ਕਿ ਜਿਹੜੇ ਅਫ਼ਸਰਾਂ ਨੇ ਸਿੱਖ ਅਤੇ ਪੰਜਾਬ ਦੇ ਨੌਜਵਾਨਾਂ ’ਤੇ ਪਰਚੇ ਕੀਤੇ ਹਨ, ਉਹ ਤੁਰੰਤ ਰੱਦ ਕੀਤੇ ਜਾਣੇ ਚਾਹੀਦੇ ਹਨ। ਪੰਜਾਬ ਦੇ ਮੁੱਖ ਮੰਤਰੀ ਨੂੰ ਵੀ ਮੈਂ ਅਪੀਲ ਕਰਦਾ ਹਾਂ ਕਿ ਹਿਮਾਚਲ ਦੇ ਮੁੱਖ ਮੰਤਰੀ ਨਾਲ ਇਹ ਗੱਲ ਕਰੇ, ਨਾ ਕੇਵਲ ਹਿਮਾਚਲ ਦੇ ਵਾਹਨਾਂ ਦੀ ਸੁਰੱਖਿਆ ਲਈ ਪੁਲਿਸ ਮੁਹੱਈਆ ਕਰਾਈ ਜਾਵੇ ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



ਸਿੱਖ ਸੰਘਰਸ਼ ਦੇ ਮਹਾਨ ਜਰਨੈਲ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਮੁਖੀ ਜਥੇਦਾਰ ਵਧਾਵਾ ਸਿੰਘ ਬੱਬਰ ਦੇ ਭੈਣ ਜੀ ਬਲਬੀਰ ਕੌਰ ਜੀ ਦੇ ਪਤੀ ਮੌਜੂਦਾ ਸਿੱਖ ਸੰਘਰਸ਼ ਦੌਰਾਨ ਤਸ਼ੱਦਦ ਝੱਲਣ ਵਾਲੇ

# ਸਰਦਾਰ ਗੁਰਨਾਮ ਸਿੰਘ ਭੰਗਾਲਾ

ਜੋ ਬੀਤੇ ਦਿਨੀਂ 16 ਮਾਰਚ ਨੂੰ ਗੁਰਪੁਰੀ ਜਾ ਬਿਰਾਜੇ ਹਨ ਉਨ੍ਹਾਂ ਦਾ ਅੰਤਿਮ ਸੰਸਕਾਰ ਮਿਤੀ 19 ਮਾਰਚ ਨੂੰ ਪਿੰਡ ਭੰਗਾਲਾ, ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਨੇੜੇ ਨੂਰਮਹਿਲ ਵਿਖੇ ਹੋਵੇਗਾ ਅਤੇ ਅੰਤਿਮ ਅਰਦਾਸ 25 ਮਾਰਚ ਦਿਨ ਮੰਗਲਵਾਰ ਨੂੰ ਹੋਵੇਗੀ।

## ਆਪ ਸਭ ਸੰਗਤਾਂ ਨੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

ਗੁਰੂ ਪੰਥ ਦੇ ਦਾਸ

ਭਾਈ ਬਖਸ਼ੀਸ਼ ਸਿੰਘ ਮੁਖੀ ਅਖੰਡ ਕੀਰਤਨੀ ਜਥਾ ਭਾਰਤ, ਭਾਈ ਭੁਪਿੰਦਰ ਸਿੰਘ ਪਹਿਲਵਾਨ ਮੁਖੀ ਅਖੰਡ ਕੀਰਤਨੀ ਜਥਾ ਜਰਮਨੀ ।

ਹਵਾਰਾ ਕਮੇਟੀ ਵਲੋਂ ਬਾਪੂ ਗੁਰਚਰਨ ਸਿੰਘ, ਪ੍ਰੋਫੈਸਰ ਬਲਜਿੰਦਰ ਸਿੰਘ, ਮਹਾਵੀਰ ਸਿੰਘ ਸੁਲਤਾਨਵਿੰਡ, ਸ੍ਰ.ਦਰਸ਼ਨ ਸਿੰਘ, ਉਤਮਪ੍ਰੀਤ ਸਿੰਘ ਅਤੇ ਜਸਪਾਲ ਸਿੰਘ

ਸੰਪਰਕ : 8146215678

ਆਵਾਜ਼ਿ ਕੌਮ AWAZE QAUM International Newspaper & WEB TV

### ਜ਼ਰੂਰਤਮੰਦ ਪਰਿਵਾਰਾਂ ਦੀਆਂ

# 2 ਲੜਕੀਆਂ ਦੀ ਸ਼ਾਦੀ ਲਈ ਸਮਾਨ ਦੇ ਰੂਪ ਵਿੱਚ ਮਦੱਦ ਕੀਤੀ





**ਧੂਰੀ ( ਰਣਜੀਤ ਸਿੰਘ ਪੇਧਨੀ )**-ਸਥਾਨਕ ਸਮਾਜ ਸੇਵੀ ਸੰਸਥਾ ਸ਼ਿਵ ਭੋਲ਼ਾ ਨਿਸ਼ਕਾਮ ਸੇਵਾ ਸੰਮਤੀ ਰਜਿ: ਧੂਰੀ ਵੱਲੋਂ ਗੀਤਾਂ ਭਵਨ ਵਿਖੇ 2 ਜ਼ਰੂਰਤ ਮੰਦ ਲੜਕੀਆਂ ਦੇ ਵਿਆਹ ਲਈ ਘਰੇਲੂ ਵਰਤੋਂ ਲਈ ਜ਼ਰੂਰੀ ਸਾਮਾਨ ਦਿੱਤਾ ਗਿਆ। ਜਿਸ ਵਿੱਚ 11 ਸੂਟ,1 ਪੈਂਟ ਸ਼ਰਟ, 2 ਦਰੀਆਂ, 2 ਖੇਸ, 1 ਤੋਲੀਆ, 1 ਲਹਿੰਗਾ ਚੁੰਨੀ, 1 ਪਰਸ, 2 ਗਿਫਟ ਪੈਕ, , 2 ਚੂੜੀਆਂ, 1 ਬਰੈਸਲੇਟ,1 ਗਲੇ ਲਈ ਸੈਟ,1 ਜੋੜਾ ਸੈਂਡਲ, 2 ਕੰਬਲ, 1 ਚੁੰਨੀ,ਆਦਿ ਸਮਾਨ ਦਿੱਤਾ ਗਿਆ। ਇਕ ਲੜਕੀ ਬਾਦਸ਼ਾਹਪੁਰ ਅਤੇ ਲੜਕੀ ਪਿੰਡ ਕਾਂਝਲਾ ਦੀ ਰਹਿਣ ਵਾਲੀ ਹੈ ਜ਼ਰੂਰਤਮੰਦ ਪਰਿਵਾਰਾਂ ਦੀ ਹੈ ਜਿਸ ਦਾ ਵਿਆਹ ਆਉਣ ਵਾਲੇ ਦਿਨਾਂ ਵਿੱਚ ਅਪਣੇ ਹੀ ਘਰ ਵਿਖੇ ਕੀਤੇ ਜਾਣਗੇ, ਇਸ ਮੌਕੇ ਸੰਸਥਾ ਦੇ ਚੇਅਰਮੈਨ ਅਸ਼ੋਕ ਕੁਮਾਰ ਜਿੰਦਲ, ਪ੍ਰਧਾਨ ਰਮੇਸ਼ ਕੁਮਾਰ ਗਰਗ, ਦੇਵਰਾਜ, ਗੁਲਸ਼ਨ ਕੁਮਾਰ, ਵਿਨੋਦ ਗੋਇਲ, ਪਵਨ ਗਰਗ, ਸੇਵਾ ਮੁਕਤ ਡਿਪਟੀ ਡਾਇਰੈਕਟਰ ਮਨਜੀਤ ਬਖਸ਼ੀ, ਬ੍ਰਿਜ ਭੂਸ਼ਣ ਭਾਟੀਆ,ਦਵਿੰਦਰ ਗੁਪਤਾ, ਮਮਤਾ ਰਾਣੀ, ਰੇਨੂੰ ਗੁਪਤਾ, ਉਮਾ ਗੋਇਲ, ਕਿਰਨ ਮੇਡਮ, ਸ਼ੀਨਾ ਬਾਂਸਲ,ਸਤੀਸ਼ ਗੋਇਲ,ਸਮੇਤ ਅਨੇਕਾਂ ਸਖਸ਼ੀਅਤਾਂ ਸ਼ਾਮਿਲ ਸਨ। ਇਥੇ ਇਹ ਵੀ ਵਰਨਣਯੋਗ ਹੈ ਕਿ ਇਹ ਸੰਸਥਾ ਪਿਛਲੇ ਲੰਮੇ ਸਮੇਂ ਤੋਂ ਪ੍ਰਧਾਨ ਰਮੇਸ਼ ਗਰਗ ਦੀ ਅਗਵਾਈ ਵਿੱਚ ਸਮਾਜ ਸੇਵੀ ਕੰਮਾਂ ਵਿੱਚ ਵੱਧ ਚੜ੍ਹ ਕੇ ਸਹਿਯੋਗ ਕਰਦੀ ਆ ਰਹੀ ਹੈ।

### ਦਸ਼ਮੇਸ਼ ਪਬਲਿਕ ਸਕੂਲ ਮਹਿਤਾ ਵਿਖੇ

# ਸਲਾਨਾ ਨਤੀਜਾ ਐਲਾਨਿਆ



**ਚੌਕ ਮਹਿਤਾ, 19 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀ.ਸੈਕੰ.ਸਕੂਲ ਮਹਿਤਾ ਚੌਂਕ ਦਾ ਸ਼ੈਸ਼ਨ 2024-25 ਦਾ ਸਲਾਨਾ ਨਤੀਜਾ ਐਲਾਨਿਆ ਗਿਆ।ਇਸ ਦਿਨ ਦੀ ਸ਼ੁਰੂਆਤ ਨਤੀਜਾ ਐਲਾਨਣ ਤੋਂ ਪਹਿਲਾਂ ਗੁਰਬਾਣੀ ਦਾ ਪਾਠ ਸਰਵਣ ਕਰਕੇ ਕੀਤੀ ਗਈ।ਵਿਦਿਆਰਥੀਆਂ ਵੱਲੋਂ ਆਏ ਹੋਏ ਮਾਪਿਆਂ ਦਾ ਵੈਲਕਮ ਗੀਤ ਗਾ ਕੇ ਸਵਾਗਤ ਕੀਤਾ ਗਿਆ । ਸਕੂਲ ਦੇ ਡਾਇਰੈਕਟਰ ਮਨਪ੍ਰੀਤ ਸਿੰਘ ਟੱਕਰ ਵੱਲੋਂ ਆਏ ਹੋਏ ਮਾਪਿਆਂ ਨੂੰ ਜੀ ਆਇਆਂ ਆਖਿਆ ਅਤੇ ਆਪਣਾ ਕੀਮਤੀ ਸਮਾਂ ਕੱਢ ਕੇ ਆਉਣ ਤੇ ਮਾਪਿਆਂ ਦਾ ਧੰਨਵਾਦ ਵੀ ਕੀਤਾ । ਦਸ਼ਮੇਸ਼ ਸੰਸਥਾਵਾਂ ਦੇ ਚੈਅਰਮੈਨ ਸ.ਗੁਰਦੀਪ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਮੈ.ਗੁਰਬੀਰ ਕੌਰ ਵੱਲੋਂ ਨਰਸਰੀ ਤੋਂ ਗਿਆਰਵੀਂ ਜਮਾਤ ਤੱਕ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਅਤੇ ਮਾਪਿਆਂ ਦੇ ਚਿਹਰਿਆਂ ਤੇ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਦੇਖੀ ਗਈ।ਸਕੂਲ ਮੈਨੇਜਮੈਂਟ ਵੱਲੋਂ ਸਕੂਲ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਕੂਲ ਦੀਆਂ ਪ੍ਰਾਪਤੀਆਂ ਤੋਂ ਮਾਪਿਆਂ ਨੂੰ ਜਾਣੂ ਕਰਵਾਇਆ।ਸੰਸਥਾ ਦੇ ਚੈਅਰਮੈਨ ਵੱਲੋਂ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਅੱਗੇ ਵੱਧਣ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਮੈ.ਬਲਜੀਤ ਕੌਰ,ਮੈ.ਰਵਿੰਦਰ ਕੌਰ,ਮੈ.ਰਾਕੇਸ਼ ਬਾਵਾ,ਮੈ. ਸੁਧਾ ਸ਼ਰਮਾ ਅਤੇ ਸਰ ਅੰਮ੍ਰਿਤਪਾਲ ਸਿੰਘ ਸਮੂਹ ਸਟਾਫ ਹਾਜ਼ਰ ਸਨ।

## ਜੱਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ 202 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ 22 ਮਾਰਚ ਨੂੰ: ਪਰਮਜੀਤ ਸਿੰਘ ਵੀਰਜੀ




**ਨਵੀਂ ਦਿੱਲੀ, 19 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਨਿਹੰਗ ਸਿੰਘ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਛੇਵੇਂ ਮੁਖੀ ਅਤੇ ਅਕਾਲ ਤਖ਼ਤ ਦੇ ਨਿਧੜਕ ਜਥੇਦਾਰ ਵਜੋਂ ਜਾਣੇ ਜਾਂਦੇ ਅਕਾਲੀ ਬਾਬਾ ਫੂਲਾ ਸਿੰਘ ਦੇ 202 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸਿੰਘ ਸਭਾ ਅਸ਼ੋਕ ਨਗਰ ਵਿਖ਼ੇ ਮਿੱਤੀ 23 ਮਾਰਚ ਨੂੰ ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ । ਇਸ ਬਾਰੇ ਗੱਲਬਾਤ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਗੁਰੂਦੁਆਰਾ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਮੁੱਖੀ ਭਾਈ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਸਿੱਖ ਪੰਥ ਦਾ ਇਤਿਹਾਸ ਅਕਾਲੀ ਬਾਬਾ ਫੂਲਾ ਸਿੰਘ ਵਰਗੇ ਯੋਧਿਆਂ ਨਾਲ ਭਰਿਆ ਪਿਆ ਹੈ, ਅਕਾਲੀ ਫੂਲਾ ਸਿੰਘ ਦਾ ਸਾਰਾ ਜੀਵਨ ਖਾਲਸਾ ਰਾਜ ਅਤੇ ਸਿੱਖ ਪੰਥ ਦੀ ਸਲਾਮਤੀ ਨੂੰ ਸਮਰਪਿਤ ਸੀ । ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਸ਼ਬਦ ਗੁਰੂ, ਸਿੱਖ ਇਤਿਹਾਸ, ਸਿੱਖ ਸਾਹਿਤਕ ਕਿਰਤਾਂ ਨੂੰ ਆਪਣਾ ਮਾਰਗ-ਦਰਸ਼ਕ ਬਣਾਉਣ ਅਤੇ ਗੁਰੂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਸਖ਼ਤ ਲੋੜ ਹੈ । ਉਨ੍ਹਾਂ ਦਸਿਆ ਕਿ 22 ਮਾਰਚ ਨੂੰ ਦੁਪਹਿਰ 12 ਵਜੇ ਅੰਮ੍ਰਿਤ ਸੰਚਾਰ ਹੋਣਗੇ ਉਪਰੰਤ ਸੰਧਿਆਂ ਵੇਲੇ ਸੋਦਰ ਦੇ ਪਾਠ ਉਪਰੰਤ ਦੀਵਾਨ ਸਜਾਏ ਜਾਣਗੇ ਜਿਨ੍ਹਾਂ ਵਿਚ ਪੰਥ ਪ੍ਰਸਿੱਧ ਜੱਥੇ ਭਾਈ ਕਵਨੀਤ ਸਿੰਘ, ਕਥਾਵਾਚਕ ਗਿਆਨੀ ਸੁਰਿੰਦਰ ਸਿੰਘ ਜੀ ਸਮਰਾਟ ਬੁੱਢਾ ਦਲ, ਕਵੀਸ਼ਰੀ ਜੱਥਾ ਭਾਈ ਸੁਖਬੀਰ ਸਿੰਘ ਜੀ ਗੁਰੂ ਨਾਨਕ ਦਲ ਅਤੇ ਭਾਈ ਬਿੰਦਰ ਸਿੰਘ ਜੀ ਸ੍ਰੀ ਦਮਦਮਾ ਸਾਹਿਬ ਵਾਲੇ ਹਾਜ਼ਿਰੀ ਭਰਨਗੇ ਉਪਰੰਤ ਗੁਰੂ ਕਾ ਲੰਗਰ ਅਟੁੱਟ ਵਰਤੇਗਾ । ਉਨ੍ਹਾਂ ਸੰਗਤਾਂ ਨੂੰ ਇਸ ਪ੍ਰੋਗਰਾਮ ਵਿਚ ਵੱਧ ਚੜ੍ਹ ਕੇ ਹਿੱਸਾ ਲੈ ਕੇ ਗੁਰਬਾਣੀ, ਕਵੀਸ਼ਰੀ ਅਤੇ ਕਥਾ ਵਿਚਾਰਾਂ ਨਾਲ ਜੁੜ ਕੇ ਆਪਣਾ ਜਨਮ ਸਫਲਾ ਕਰਣ ਦੀ ਅਪੀਲ ਕੀਤੀ । ਉਨ੍ਹਾਂ ਦਸਿਆ ਕਿ ਇਹ ਪ੍ਰੋਗਰਾਮ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਵਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ, ਅਸ਼ੋਕ ਨਗਰ, ਤਿਲਕ ਨਗਰ ਅਤੇ ਜੱਥਾ ਅਕਾਲੀ ਬਾਬਾ ਫੂਲਾ ਸਿੰਘ ਜੀ ਸ਼ਹੀਦ ਰਜਿ. (ਦਿੱਲੀ) ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਏ ਜਾ ਰਹੇ ਹਨ ।

## ਕੇਜਰੀਵਾਲ ਪਹਿਲਾਂ 2022 'ਚ ਦਿੱਤੀਆਂ ਗਰੰਟੀਆਂ ਪੂਰੀਆਂ ਕਰਨ ਐਡਵੋਕੇਟ ਜਸਵੀਰ ਸਿੰਘ ਖੇੜੀ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਲੁਧਿਆਣਾ ਫੇਰੀ 'ਤੇ ਤਿੱਖੀ ਆਲੋਚਨਾ ਕਰਦਿਆਂ ਕਾਗਰਸ ਪਾਰਟੀ ਦੇ ਹਲਕਾ ਮਹਿਲ ਕਲਾਂ ਤੋਂ ਹਲਕਾ ਇੰਚਾਰਜ ਦੇ ਪ੍ਰਮੁੱਖ ਦਾਅਵੇਦਾਰ ਐਡਵੋਕੇਟ ਜਸਵੀਰ ਸਿੰਘ ਖੇੜੀ ਨੇ ਕਿਹਾ ਕਿ ਕੇਜਰੀਵਾਲ ਨੂੰ ਪੰਜਾਬ ਦੇ ਲੋਕਾਂ ਨੂੰ ਦੁਬਾਰਾ ਗੁੰਮਰਾਹ ਨਹੀਂ ਕਰਨਾ ਬੰਦ ਕਰਨ, ਉਹ ਪਹਿਲਾਂ 2022 ਵਿੱਚ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ। ਉਨ੍ਹਾਂ ਕਿਹਾ ਕਿ ਕੇਜਰੀਵਾਲ ਨੇ ਮਹਿਲਾਵਾ ਨੂੰ 1000 ਰੁਪਏ ਦੇਣ ਦਾ ਵਾਅਦਾ ਕੀਤਾ ਸੀ, ਉਹ ਕਿੱਥੇ ਹੈ ? ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਵਾਅਦਾ ਕੀਤਾ ਗਿਆ ਸੀ, ਪਰ ਨਸ਼ਾ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਵਧ ਗਿਆ ਹੈ। ਰੇਤ ਮਾਫੀਆ ਨੂੰ ਰੋਕਣ ਦਾ ਵਾਅਦਾ ਕੀਤਾ ਗਿਆ ਸੀ, ਪਰ ਇਸ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਵਾਉਣ ਵਾਲੀ ਗੱਲ ਨੂੰ ਠੰਡੇ ਵਸਤੇ ਵਿੱਚ ਹੀ ਪਾ ਕੇ ਰੱਖਿਆ ਹੋਇਆ ਹੈ , ਰੇਤਾਂ ਪਹਿਲਾਂ ਨਾਲੋਂ ਮਹਿੰਗਾ ਹੋ ਗਿਆ ਹੈ। ਸਰਕਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਦੇ ਆਪਣੇ ਵਾਅਦੇ ਤੋਂ ਮੁੱਕਰ ਗਈ ਹੈ। ਪੰਜਾਬ ਦੇ ਲੋਕ ਹੁਣ ਆਪ ਦੀਆਂ ਗੱਲਾਂ ਵਿਚ ਨਹੀਂ ਆਉਣਗੇ, ਪੰਜਾਬੀਆਂ ਨੇ ਮਨ ਬਣਾ ਲਿਆ ਹੈ ਕਿ 207 ਵਿਚ ਕਾਂਗਰਸ ਪਾਰਟੀ ਦੇ ਹੱਕ ਵਿੱਚ ਫਤਵਾ ਦੇ ਕੇ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਉਣਗੇ।

## ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ ਲਕਸਨ ਦੀ ਸ੍ਰੀ ਰਕਾਬ ਗੰਜ ਸਾਹਿਬ ਫੇਰੀ ਇੱਕ 'ਚੰਗਾ ਸੰਕੇਤ': ਪਰਮਜੀਤ ਸਿੰਘ ਸਰਨਾ



ਨਵੀਂ ਦਿੱਲੀ, 19 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਦੀ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਫੇਰੀ ਦਾ ਸਵਾਗਤ ਕਰਦਿਆਂ, ਇਸਨੂੰ ਇੱਕ "ਚੰਗਾ ਸੰਕੇਤ" ਕਿਹਾ ਜੋ ਵਿਸ਼ਵ ਪੱਧਰ 'ਤੇ ਸਿੱਖ ਕਦਰਾਂ-ਕੀਮਤਾਂ ਦੀ ਵੱਧ ਰਹੀ ਮਾਨਤਾ ਨੂੰ ਦਰਸਾਉਂਦਾ ਹੈ। ਸਰਨਾ ਨੇ ਨਿਊਜ਼ੀਲੈਂਡ ਵਿੱਚ ਸਿੱਖ ਭਾਈਚਾਰੇ ਦੀ ਸ਼ਾਨਦਾਰ ਸਫਲਤਾ ਦਾ ਸਿਹਰਾ ਪ੍ਰਧਾਨ ਮੰਤਰੀ ਲਕਸਨ ਦੀ ਫੇਰੀ ਨੂੰ ਦਿੱਤਾ, ਜਿੱਥੇ ਵੱਖ-ਵੱਖ ਖੇਤਰਾਂ ਵਿੱਚ ਉਨ੍ਹਾਂ ਦੇ ਯੋਗਦਾਨ ਨੇ ਵਿਆਪਕ ਪ੍ਰਸ਼ੰਸਾ ਪ੍ਰਾਪਤ ਕੀਤੀ ਹੈ। ਸਰਨਾ ਨੇ ਕਿਹਾ, ਨਿਊਜ਼ੀਲੈਂਡ ਵਿੱਚ ਸਿੱਖ ਭਾਈਚਾਰੇ ਨੇ ਸਖ਼ਤ ਮਿਹਨਤ ਅਤੇ ਨਿਰਸਵਾਰਥ ਸੇਵਾ ਰਾਹੀਂ ਇੱਕ ਨਿਰਵਿਵਾਦ ਛਾਪ ਛੱਡੀ ਹੈ। ਇਹ ਫੇਰੀ ਉਨ੍ਹਾਂ ਦੁਆਰਾ ਪ੍ਰਾਪਤ ਕੀਤੇ ਸਤਿਕਾਰ ਨੂੰ ਦਰਸਾਉਂਦੀ ਹੈ। ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਪਣੇ ਨਿਊਜ਼ੀਲੈਂਡ ਦੇ ਹਮਰੁਤਬਾ ਦੇ ਨਾਲ ਇਤਿਹਾਸਕ ਗੁਰਦੁਆਰੇ ਜਾਣ ਲਈ ਪ੍ਰਸ਼ੰਸਾ ਕੀਤੀ। ਸਰਨਾ ਨੇ ਟਿੱਪਣੀ ਕਰਦਿਆਂ ਕਿਹਾ ਕਿ, "ਪ੍ਰਧਾਨ ਮੰਤਰੀ ਮੋਦੀ ਨੂੰ ਇਹ ਕਦਮ ਚੁੱਕਦੇ ਹੋਏ ਦੇਖ ਕੇ ਬਹੁਤ ਖੁਸ਼ੀ ਹੋਈ। ਅਜਿਹੇ ਸੰਕੇਤ ਮਹਾਂਦੀਪਾਂ ਵਿੱਚ ਸਿੱਖ ਇਤਿਹਾਸ ਅਤੇ ਸਿਧਾਂਤਾਂ ਦੀ ਵਧੇਰੇ ਸਮਝ ਬਣਾਉਣ ਵਿੱਚ ਮਦਦ ਕਰਦੇ ਹਨ ।" ਸਰਨਾ ਨੇ ਅੱਗੇ ਕਿਹਾ ਕਿ ਕਿਸੇ ਸਰਕਾਰ ਦੇ ਮੁਖੀ ਦਾ ਸ੍ਰੀ ਰਕਾਬ ਗੰਜ ਸਾਹਿਬ ਦਾ ਦੌਰਾ ਸਿੱਖੀ ਦੇ ਨਿਆਂ ਅਤੇ ਕੁਰਬਾਨੀ ਦੇ ਵਿਸ਼ਵਵਿਆਪੀ ਮੁੱਲਾਂ ਦੀ ਯਾਦ ਦਿਵਾਉਂਦਾ ਹੈ, ਜੋ ਦੁਨੀਆ ਭਰ ਦੇ ਲੋਕਾਂ ਨੂੰ ਪ੍ਰੇਰਿਤ ਕਰਦੇ ਰਹਿੰਦੇ ਹਨ।

ਪਿੰਡ ਮਾਣਕੋ ਜਗਰਾਉਂ ਵਿਖੇ ਗਿੱਲ ਪ੍ਰਵਾਰ ਵਲੋਂ ਵੱਡਾ ਕਬੱਡੀ ਟੂਰਨਾਮੈਂਟ ਕਰਵਾਕੇ ਨੌਜਵਾਨ ਪੀੜ੍ਹੀ ਨੂੰ

# ਖੇਡਾਂ ਵੱਲ ਪ੍ਰੇਰਿਤ ਕਰਨਾ ਸ਼ਲਾਘਾਯੋਗ ਉਪਰਾਲਾ : ਸੰਤ ਸੁਖਵਿੰਦਰ ਸਿੰਘ ਆਲੋਵਾਲ



**ਜੰਡਿਆਲਾ ਗੁਰੂ 19 ਮਾਰਚ ( ਕੁਲਵੰਤ ਸਿੰਘ ਵਿਰਦੀ)**-ਪਿੰਡ ਮਾਣੋਕੇ ਤਹਿਸੀਲ ਜਗਰਾਓਂ ਲੁਧਿਆਣਾ ਵਿਖੇ ਗਿੱਲ ਪ੍ਰਵਾਰ ਤੇ ਐਨ ਆਈ ਆਰ ਭਰਾਵਾਂ ਵਲੋਂ ਇੱਕ ਵੱਡਾ ਕਬੱਡੀ ਟੂਰਨਾਮੈਂਟ ਕਰਵਾਕੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਗਿਆ, ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਨੰਗਲ ਬੇਟ ਫਿਲੌਰ ਲੁਧਿਆਣਾ ਦੇ ਮੁੱਖੀ ਤੇ ਭਾਰਤੀਆਂ ਕਿਸਾਨ ਮਜ਼ਦੂਰ ਯੂਨੀਅਨ ਦੇ ਕੇਂਦਰੀ ਕਮੇਟੀ ਮੈਂਬਰ ਸੰਤ ਸੁਖਵਿੰਦਰ ਸਿੰਘ ਜੀ ਪਹੁੰਚੇ, ਜਿਥੇ ਉਨ੍ਹਾਂ ਵੱਲੋਂ ਟੂਰਨਾਮੈਂਟ ਦੀ ਅਰੰਭਤਾ ਮੌਕੇ ਖਿਡਾਰੀਆਂ ਨਾਲ ਜਾਣ ਪਹਿਚਾਣ ਤੇ ਇਸਾਰਵਾਦ ਦਿੱਤਾ ਗਿਆ, ਉਥੇ ਜੇਤੂ ਖਿਡਾਰੀਆਂ ਨੂੰ ਇਨਾਮ ਵੀ ਤਕਸੀਮ ਕੀਤੇ ਗਏ, ਪ੍ਰਬੰਧਕਾਂ ਵੱਲੋਂ ਸੰਤ ਸੁਖਵਿੰਦਰ ਸਿੰਘ ਜੀ ਨੂੰ ਸਨਮਾਨਿਤ ਵੀ ਕੀਤਾ ਗਿਆ,ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਸਬੰਧੀ ਸੰਤ ਸੁਖਵਿੰਦਰ ਸਿੰਘ ਜੀ ਪਾਸੋਂ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਪਿੰਡ ਮਾਣੋਕੇ ਦੇ ਗਿੱਲ ਪ੍ਰਵਾਰ ਤੇ ਐਨ ਆਈ ਆਰ ਭਰਾਵਾਂ ਵੱਲੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਮਾੜੇ ਕੰਮ ਤੋਂ ਮੁਕਤ ਕਰਨ ਦੇ ਨਾਲ ਨਾਲ ਸਿਹਤ ਦੀ ਤੰਦਰੁਸਤੀ ਤਹਿਤ ਇੱਕ ਵੱਡਾ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ ਮੰਨੇ ਪਰ ਮੰਨੇ ਕਬੱਡੀ ਖਿਡਾਰੀਆਂ ਨੇ ਭਾਗ ਲਿਆ ਤੇ ਆਪਣੇ ਜੌਹਰ ਵਿਖਾਏ,ਭਾਈ ਖਾਲਸਾ ਨੇ ਦੱਸਿਆ ਟੂਰਨਾਮੈਂਟ ਦੇ ਪ੍ਰਬੰਧਕਾਂ ਵੱਲੋਂ ਖਿਡਾਰੀਆਂ ਦੀਆਂ ਸਾਰੀਆਂ ਸਹੂਲਤਾਂ ਲਈ ਪੁਖਤਾ ਪ੍ਰਬੰਧ ਕੀਤੇ ਗਏ ਸਨ ਅਤੇ ਲੰਗਰ ਆਦਿ ਦੇ ਵੀ ਵਧੀਆ ਪ੍ਰਬੰਧ ਕੀਤੇ ਗਏ ਸਨ , ਭਾਈ ਖਾਲਸਾ ਨੇ ਦੱਸਿਆ ਟੂਰਨਾਮੈਂਟ ਵਿਚ ਜਿਥੇ ਵਿਸ਼ੇਸ਼ ਤੌਰ ਤੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਦੇ ਮੁੱਖੀ ਸੰਤ ਸੁਖਵਿੰਦਰ ਸਿੰਘ ਆਲੋਵਾਲ ਪਹੁੰਚੇ ਹੋਏ ਸਨ ,ਉਥੇ ਉਨ੍ਹਾਂ ਨਾਲ ਸੰਤ ਸਮਾਜ ਦੇ ਕਈ ਸੰਤ ਮਹਾਂਪੁਰਸ਼ਾਂ ਨੇ ਵੀ ਕਬੱਡੀ ਟੂਰਨਾਮੈਂਟ ਦਾ ਅਨੰਦ ਮਾਣਿਆ ਤੇ ਜੇਤੂ ਖਿਡਾਰੀਆਂ ਨੂੰ ਇਨਾਮ ਵੰਡੇ, ਇਸ ਮੌਕੇ ਤੇ ਬੋਲਦਿਆਂ ਸੰਤ ਸੁਖਵਿੰਦਰ ਸਿੰਘ ਜੀ ਨੇ ਜਿਥੇ ਇਹ ਟੂਰਨਾਮੈਂਟ ਕਰਵਾਉਣ ਵਾਲੇ ਗਿੱਲ ਪ੍ਰਵਾਰ ਤੇ ਐਨ ਆਈ ਆਰ ਭਰਾਵਾਂ ਦੀ ਸ਼ਲਾਘਾ ਕੀਤੀ, ਉਥੇ ਉਨ੍ਹਾਂ ਨੇ ਸਪੱਸ਼ਟ ਕੀਤਾ ਅੱਜ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਮਾੜੇ ਕੰਮ ਤੋਂ ਮੁਕਤ ਕਰਵਾਉਣ ਲਈ ਵੱਡੇ ਵੱਡੇ ਟੂਰਨਾਮੈਂਟ ਕਰਵਾਕੇ ਖੇਡਾਂ ਨਾਲ ਜੋੜਨਾ ਸਮੇਂ ਅਤੇ ਲੋਕਾਂ ਦੀ ਮੁੱਖ ਮੰਗ ਬਣ ਚੁੱਕਾ ਹੈ, ਇਸ ਕਰਕੇ ਅਸੀਂ ਗਿੱਲ ਪ੍ਰਵਾਰ ਵਲੋਂ ਕਬੱਡੀ ਟੂਰਨਾਮੈਂਟ ਰਾਹੀਂ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਵਾਲੇ ਕਾਰਜ਼ ਦੀ ਸ਼ਲਾਘਾ ਕਰਦੇਂ ਹਾਂ ਹੋਏ ਹੋਰਨਾਂ ਐਨ ਆਈ ਆਰ ਭਰਾਵਾਂ ਨੂੰ ਬੇਨਤੀ ਕਰਦੇ ਹਾਂ ਅਜਿਹੇ ਉਪਰਾਲੇ ਹਮੇਸ਼ਾ ਕਰਦੇ ਰਿਹਾ ਕਰੋਂ ਤਾਂ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਮਾੜੇ ਕੰਮ ਤੋਂ ਮੁਕਤ ਕਰਵਾਕੇ ਖੇਡਾਂ ਨਾਲ ਜੋੜਿਆ ਜਾ ਸਕੇ ਤੇ ਪੰਜਾਬ ਨੂੰ ਤੰਦਰੁਸਤ ਪੰਜਾਬ ਬਣਾਇਆ ਜਾ ਸਕੇ। ਇਸ ਮੌਕੇ ਤੇ ਸੰਤ ਸੁਖਵਿੰਦਰ ਸਿੰਘ ਜੀ,ਸੰਤ ਸ਼ਮਸ਼ੇਰ ਸਿੰਘ ਜੁਗੇੜੇਵਾਲੇ, ਭਾਈ ਹਰਜੀਤ ਸਿੰਘ, ਬਾਬਾ ਦਾਰਾ ਸਿੰਘ, ਭਾਈ ਗੁਰਮੇਲ ਸਿੰਘ ਭਾਈ ਰਿੰਕੂ ਤੋਂ ਇਲਾਵਾ ਸੈਂਕੜੇ ਪ੍ਰਬੰਧਕ ਕਮੇਟੀ ਦੇ ਮੈਂਬਰ ਤੇ ਖਿਡਾਰੀ ਹਾਜਰ ਸਨ, ਸਮੂਹ ਖਿਡਾਰੀਆਂ ਤੇ ਦਰਸ਼ਕਾਂ ਲਈ ਪ੍ਰਬੰਧਕਾਂ ਵੱਲੋਂ ਲੰਗਰ ਆਦਿ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਹਿਮਾਚਲ ਪ੍ਰਦੇਸ਼ 'ਚ ਸਿੱਖ ਨੌਜਵਾਨਾਂ ਦੇ ਸਾਧਨਾਂ ਤੋਂ

# ਸਿੱਖ ਪੰਥ ਦੇ ਨਿਸ਼ਾਨ ਉਤਾਰ ਬੇਅਦਬੀ ਕਰਨੀ ਅਤਿ ਨਿੰਦਣਯੋਗ

**ਜੰਡਿਆਲਾ ਗੁਰੂ 19 ਮਾਰਚ ( ਕੁਲਵੰਤ ਸਿੰਘ ਵਿਰਦੀ )**-ਸਿੱਖ ਪੰਥ ਦੇ ਖ਼ਾਲਸਾਈ ਨਿਸ਼ਾਨ ਅਤੇ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਲੱਗੇ ਝੰਡੇ ਦੀ ਹਿਮਾਚਲ ਪ੍ਰਦੇਸ਼ ਵਿਖੇ ਸ਼ਰਾਰਤੀ ਅਨਸਰਾਂ ਵੱਲੋਂ ਕੀਤੀ ਗਈ ਬੇਅਦਬੀ ਅਤਿ ਨਿੰਦਣਯੋਗ ਹੈ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਬੇਸ਼ੱਕ ਸਰੀਰ ਕਰਕੇ ਉਹ ਸੰਸਾਰ ਵਿੱਚ ਨਹੀਂ ਹਨ ਪਰ ਉਸ ਜਰਨੈਲ ਵੱਲੋਂ ਸਿੱਖ ਪੰਥ ਦੀ ਆਨ ਸ਼ਾਨ ਲਈ ਸ਼ਹੀਦੀ ਪ੍ਰਾਪਤ ਕੀਤੀ ਹੈ ਅਤੇ ਰਹਿੰਦੀ ਦੁਨੀਆਂ ਤੱਕ ਸ਼ਹੀਦ ਕੌਮ ਦਾ ਸਰਮਾਇਆ ਰਹਿਣਗੇ ਇਸ ਗੱਲ ਨੂੰ ਸਿੱਖ ਵਿਰੋਧੀ ਤਾਕਤਾਂ ਅਤੇ ਸ਼ਰਾਰਤੀ ਅਨਸਰ ਆਪਣੇ ਹਿਰਦੇ ਵਿਚ ਵਸਾ ਲੈਣ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਹਰ ਸਾਲ ਹੋਲੇ ਮਹੱਲੇ ਦੇ ਪਵਿੱਤਰ ਦਿਹਾੜੇ ਤੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਅਤੇ ਆਦਿ ਹੋਰ ਗੁਰਧਾਮਾਂ ਤੇ ਲੱਖਾਂ ਸੰਗਤਾਂ ਨਤਮਸਤਕ ਹੁੰਦੀਆਂ ਹਨ ਅਤੇ ਉਹਨਾਂ ਸੰਗਤਾਂ ਵਿੱਚ ਕਾਫੀ ਵੱਡੀ ਤਦਾਦ ਵਿੱਚ ਸੰਗਤਾਂ ਆਪਣੀਆਂ ਗੱਡੀਆਂ ਮੋਟਰਸਾਈਕਲਾਂ ਤੇ ਸਿੱਖ ਪੰਥ ਦਾ ਖਾਲਸਈ ਨਿਸ਼ਾਨ ਅਤੇ ਸਿੱਖ ਪੰਥ ਦੀ ਸ਼ਾਨ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਲੱਗੇ ਝੰਡੇ ਲਾ ਕੇ ਹੋਲੇ ਮਹੱਲੇ ਦੇ ਪਵਿੱਤਰ ਦਿਹਾੜੇ ਮੌਕੇ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਦਿਆਂ ਹੋਇਆਂ ਵੱਖ ਵੱਖ ਗੁਰਧਾਮਾਂ ਦੇ ਦਰਸ਼ਨ ਕਰਦੀਆਂ ਹਨ 9 ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਸਿੱਖ ਵਿਰੋਧੀ ਤਾਕਤਾਂ ਇਸ ਵੱਲ ਵੀ ਧਿਆਨ ਦੇਣ ਕਿ ਉਹ ਜਰਨੈਲ ਕਿਸ ਤਰ੍ਹਾਂ ਦਾ ਹੋਵੇਗਾ ਜਿਸ ਦੀ ਤਸਵੀਰ ਤੋਂ ਉਨ੍ਹਾਂ ਨੂੰ ਡਰ ਲੱਗ ਰਿਹਾ ਹੈ 9 ਇਸ ਲਈ ਐਸੀਆਂ ਘਟਨਾਵਾਂ ਨੂੰ ਅੰਜਾਮ ਦੇਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਸਰਕਾਰ ਨੱਥ ਪਾਵੇ ਜਿਨ੍ਹਾਂ ਕਰਕੇ ਦੇਸ਼ ਦੀ ਅਮਨ ਸ਼ਾਂਤੀ ਨੂੰ ਭੰਗ ਕਰਕੇ ਮਾਹੌਲ ਨੂੰ ਜਾਣਬੁੱਝ ਕੇ ਖਰਾਬ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਹਨ ਅਤੇ ਉਹ ਸ਼ਰਾਰਤੀ ਅਨਸਰ ਵੀ ਸਿੱਖ ਕੌਮ ਦਾ ਇਤਿਹਾਸ ਪੜ੍ਹ ਕੇ ਵੇਖ ਲੈਣ ਕਿ ਸਿੱਖ ਗੁਰੂਆਂ ਨੇ ਮਜ਼ਲੂਮਾਂ ਲਈ ਆਪਣਾ ਸਰਬੰਸ ਤੱਕ ਕੁਰਬਾਨ ਕਰ ਦਿੱਤਾ ਅਤੇ ਉਹੀ ਸਿੱਖ ਮੱਤ ਲੈ ਕਿ ਸਿੱਖ ਕੌਮ ਅੱਜ ਵੀ ਹਰ ਆਫ਼ਤ ਵਿਚ ਸਹਾਈ ਹੋ ਕੇ ਆਪਣਾ ਫਰਜ਼ ਨਿਭਾਉਂਦੀ ਹੈ 9 ਆਖਰ ਵਿੱਚ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਇਹ ਪਹਿਲੀ ਘਟਨਾ ਨਹੀਂ ਸਗੋਂ ਪਹਿਲਾਂ ਵੀ ਤਿੰਨ ਚਾਰ ਸਾਲ ਤੋਂ ਐਸੀਆਂ ਘਟਨਾ ਵਾਪਰਦੀਆਂ ਹਨ ਐਸੀਆਂ ਘਟਨਾਵਾਂ ਨੂੰ ਰੋਕਣਾ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਇਸ ਸਾਰੇ ਘਟਨਾਕ੍ਰਮ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ।





**ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਤੋਂ ਕਿਉਂ ਡਰ ਲੱਗਦਾ ਬਾਬਾ ਸੁੱਖਾ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਜਸਵਿੰਦਰ ਸਿੰਘ ਬੱਗਾ ਨੇ ਬੀ ਡੀ ਪੀ ਓ ਧੂਰੀ ਵਜੋਂ ਚਾਰਜ ਸੰਭਾਲਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਬੀ ਡੀ ਪੀ ਓ ਜਸਵਿੰਦਰ ਸਿੰਘ ਬੱਗਾ ਨੇ ਅੱਜ ਬੀ ਡੀ ਪੀ ਓ ਧੂਰੀ ਦਾ ਚਾਰਜ ਸੰਭਾਲਿਆ । ਇਸ ਮੌਕੇ ਪੰਚਾਇਤ ਯੂਨੀਅਨ ਧੂਰੀ ਦੇ ਪ੍ਰਧਾਨ ਸਰਪੰਚ ਜਗਸੀਰ ਸਿੰਘ ਜੱਗਾ ਅਤੇ ਵੇਰਕਾ ਮਿਲਕ ਪਲਾਂਟ ਸੰਗਰੂਰ ਦੇ ਚੇਅਰਮੈਨ ਅਮਰੀਕ ਸਿੰਘ ਭੋਜੋਵਾਲੀ ਨੇ ਬੀ ਡੀ ਪੀ ਓ ਜਸਵਿੰਦਰ ਸਿੰਘ ਬੱਗਾ ਨੂੰ ਗੁਲਦਸਤਾ ਦੇ ਕੇ ਨਿੱਘਾ ਸਵਾਗਤ ਕੀਤਾ । ਇਸ ਮੌਕੇ ਜਸਵਿੰਦਰ ਸਿੰਘ ਬੱਗਾ ਨੇ ਬੀ ਡੀ ਪੀ ਓ ਧੂਰੀ ਵਜੋਂ ਚਾਰਜ ਸੰਭਾਲਣ ਮੌਕੇ ਕਿਹਾ ਕਿ ਉਹ ਆਪਣੀ ਜਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਉਹ ਬੀ ਡੀ ਪੀ ਓ ਦਫ਼ਤਰ ਧੂਰੀ ਵਿਖੇ ਕਿਸੇ ਵੀ ਪੰਚਾਇਤ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ । ਇਸ ਮੌਕੇ ਸਰਪੰਚ ਜਗਸੀਰ ਸਿੰਘ ਜੱਗਾ ਭੋਜਵਾਲੀ ਪ੍ਰਧਾਨ ਪੰਚਾਇਤ ਯੂਨੀਅਨ ਧੂਰੀ, ਅਮਰੀਕ ਸਿੰਘ ਭੋਜੋਵਾਲੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ, ਪਿੰਡ ਧਾਂਦਰਾ ਦੇ ਸਰਪੰਚ ਜਸਪਾਲ ਸਿੰਘ ਮਿਸ਼ਰਾ, ਹਰਵਿੰਦਰ ਸਿੰਘ ਫੀਟਾ ਪੰਚਾਇਤ ਮੈਂਬਰ, ਬਲਵੀਰ ਸਿੰਘ ਬੀਰਾ ਧਾਂਦਰਾ ਸਮੇਤ ਹੋਰ ਵੀ ਹਾਜ਼ਰ ਸਨ ।

# ਯੁੱਧ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਪੰਜਾਬ ਸਰਕਾਰ ਦਾ ਇਤਿਹਾਸਿਕ ਉਪਰਾਲਾ: ਅਮਰਦੀਪ ਸਿੰਘ ਧਾਂਦਰਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ ਵਿੱਢੀ ਤੇਜ ਮੁਹਿੰਮ ਦੀ ਪੰਜਾਬ ਵਾਸੀਆਂ ਤੋਂ ਇਲਾਵਾ ਸਮੁੱਚੇ ਦੇਸ਼ਾਂ ਅੰਦਰ ਵੀ ਚਰਚਾ ਹੋ ਰਹੀ ਹੈ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਇਹ ਪਹਿਲੀ ਵਾਰ ਹੋਇਆ ਹੈ ਕਿ ਨਸ਼ਿਆਂ ਦੀ ਤਸਕਰੀ ਕਰ ਰਹੇ ਲੋਕਾਂ ਵਿਰੁੱਧ ਜਿੱਥੇ ਵੱਡੀ ਪੱਧਰ ਤੇ ਕਾਰਵਾਈ ਕੀਤੀ ਜਾ ਰਹੀ ਹੈ, ਉਥੇ ਉਹਨਾਂ ਦੀਆਂ ਬਣਾਈਆਂ ਗਲਤ ਤਰੀਕੇ ਨਾਲ ਜਾਇਦਾਦਾਂ ਵੀ ਢਹਿ ਢੇਰੀ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ ਅਮਰਦੀਪ ਸਿੰਘ ਧਾਂਦਰਾ ਨੇ ਕੀਤਾ। ਉਹਨਾਂ ਕਿਹਾ ਹੈ ਕਿ ਪੰਜਾਬ ਦੀ ਸਰਕਾਰ ਵੱਲੋਂ ਨਸ਼ਿਆਂ ਦੇ ਵਗ ਰਹੇ ਦਰਿਆ ਦਾ ਲੱਕ ਤੋੜਨ ਲਈ ਮਾਨ ਸਰਕਾਰ ਦੀ ਮੁਹਿੰਮ ਇਤਿਹਾਸਿਕ ਸਾਬਤ ਹੋਵੇਗੀ ਕਿਉਂਕਿ ਪਿਛਲੀਆਂ ਅਕਾਲੀ ਦਲ ਅਤੇ ਕਾਂਗਰਸ ਦੀਆਂ ਸਰਕਾਰਾਂ ਨੇ ਪੰਜਾਬ ਦੀ ਨੌਜਵਾਨੀ ਨੂੰ ਖਾਸਕਰ ਚਿੱਟੇ ਵਰਗੇ ਨਸ਼ਿਆਂ ਤੇ ਲਗਾ ਕੇ ਉਹਨਾਂ ਦੇ ਘਰ ਬਰਬਾਦ ਕਰਨ ਤੋਂ ਸਿਵਾਏ ਕੁਝ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਜੋ ਕਿਹਾ ਉਹ ਕਰਕੇ ਵਿਖਾਇਆ ਇਸੇ ਕਰਕੇ ਅੱਜ ਦੁਨੀਆਂ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਚੁਫੇਰਿਓ ਸ਼ਲਾਘਾ ਕਰ ਰਹੇ ਹਨ। ਇਸ ਮੌਕੇ ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਪੰਚਾਇਤ ਯੂਨੀਅਨ ਦੇ ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ , ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ , ਸਰਪੰਚ ਬਲਵੀਰ ਸਿੰਘ ਈਸੀ,ਸਰਪੰਚ ਭਗਵਾਨ ਸਿੰਘ ਭਲਵਾਨ,ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ , ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ,ਸਰਪੰਚ ਮੱਖਣ ਸਿੰਘ ਪੇਧਨੀ, ਸਰਪੰਚ ਰਾਜ ਸਿੰਘ ਮਾਨਵਾਲਾ, ਮਾਣਾ ਗਰੇਵਾਲ, ਕੁਲਦੀਪ ਸਿੰਘ ਬੁੱਟਰ ਹਾਜ਼ਰ ਸਨ।

# 'ਆਪ' ਸਰਕਾਰ ਦੇ 3 ਸਾਲ ਪੂਰੇ ਹੋਣ 'ਤੇ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਦਿੱਤੀ ਵਧਾਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ,ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਤੀਜੀ ਵਰੇ ਗੰਢੇ ਮੌਕੇ ਆਮ ਲੋਕਾਂ ਨੂੰ ਵਧਾਈ ਦਿੰਦੇ ਹੋਏ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ, ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕਿਹਾ ਕਿ 'ਆਪ' ਸਰਕਾਰ ਨੇ ਚੋਣਾਂ ਤੋਂ ਪਹਿਲਾ ਕੀਤੇ ਗਏ ਆਪਣੇ ਵਾਅਦੇ ਜ਼ਿਆਦਾਤਰ ਪੂਰੇ ਕਰ ਦਿੱਤੇ ਹਨ ਤੇ ਜੋ ਰਹਿ ਗਏ ਹਨ ਉਨਾਂ ਨੂੰ ਜਲਦੀ ਹੀ ਪੂਰਾ ਕਰਨ ਜਾ ਰਹੀ ਹੈ। ਬੀਬੀ ਜੀ ਨੇ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਸੂਬੇ ਨੂੰ ਰੰਗਲਾ ਪੰਜਾਬ ਅਤੇ ਆਮ ਆਦਮੀ ਦੀ ਜ਼ਿੰਦਗੀ ਨੂੰ ਸੁਖਾਲੀ ਬਣਾਉਣ ਲਈ ਕਈ ਮਹੱਤਵ ਪੂਰਨ ਫੈਸਲੇ ਲਏ ਗਏ ਹਨ। ਉਨ੍ਹਾਂ ਆਪਣੇ ਹਲਕੇ ਦੇ ਸੰਘਰਸ਼ਸ਼ੀਲ ਵਰਕਰਾਂ ਦੀ ਸਖਤ ਮਿਹਨਤ ਤੇ ਸਮਰਪਣ ਦੀ ਸ਼ਲਾਘਾ ਵੀ ਕੀਤੀ,ਜਿਨਾਂ ਨੇ ਪੰਜਾਬ ਨੂੰ ਨਸ਼ਿਆ ਰਹਿਣ ਅਤੇ ਭਰਿਸ਼ਟਾਚਾਰ ਮੁਕਤ ਬਣਾਉਣ ਲਈ ਅਣਥੱਕ ਮਿਹਨਤ ਕੀਤੀ ਹੈ। ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਰਹਿਨੁਮਾਈ ਹੇਠ ਪੰਜਾਬ ਰੰਗਲੇ ਪੰਜਾਬ ਵੱਲੋਂ ਕਦਮ ਵਧਾ ਰਿਹਾ ਹੈ। ਉਨਾਂ ਕਿਹਾ ਕਿ ਆਮ ਆਦਮੀ ਕਲੀਨਿਕ ਸਕੂਲ ਐਮੀਨੈਂਸ, 600 ਯੂਨਿਟ ਤੱਕ ਬਿੱਲ ਆਉਣ 'ਤੇ ਘਰੇਲੂ ਬਿਜਲੀ ਬਿੱਲ ਜ਼ੀਰ ਦੀ ਸਹੂਲਤ ਤੋਂ ਇਲਾਵਾ ਵੱਡੀ ਗਿਣਤੀ 'ਚ ਇਤਿਹਾਸਕ ਫੈਸਲੇ ਲਏ ਗਏ ਹਨ। ਇਸ ਮੌਕੇ ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਪੰਚਾਇਤ ਯੂਨੀਅਨ ਦੇ ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ , ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ , ਸਰਪੰਚ ਬਲਵੀਰ ਸਿੰਘ ਈਸੀ,ਸਰਪੰਚ ਭਗਵਾਨ ਸਿੰਘ ਭਲਵਾਨ,ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ , ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ,ਸਰਪੰਚ ਮੱਖਣ ਸਿੰਘ ਪੇਧਨੀ, ਸਰਪੰਚ ਰਾਜ ਸਿੰਘ ਮਾਨਵਾਲਾ, ਮਾਣਾ ਗਰੇਵਾਲ, ਕੁਲਦੀਪ ਸਿੰਘ ਬੁੱਟਰ ਹਾਜ਼ਰ ਸਨ।

### ਕੈਨੇਡੀਅਨ ਸਿੱਖਾਂ ਨੇ ਵੈਂਕੂਵਰ ਅਤੇ ਓਟਵਾ ਵਿਖ਼ੇ ਭਾਰਤ ਅਤੇ ਰੂਸ ਦੇ ਡਿਪਲੋਮੈਟਿਕ ਮਿਸ਼ਨਾਂ ਦੇ ਬਾਹਰ

# ਭਾਰੀ ਗਿਣਤੀ 'ਚ ਇੱਕਠੇ ਹੋ ਕੇ ਕੀਤਾ ਜ਼ੋਰਦਾਰ ਵਿਰੋਧ ਪ੍ਰਦਰਸ਼ਨ







ਨਵੀਂ ਦਿੱਲੀ 19 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡੀਅਨ ਸਿੱਖਾਂ ਨੇ ਸਰੀ ਵੈਂਕੂਵਰ ਅਤੇ ਓਟਵਾ ਵਿਖ਼ੇ ਭਾਰਤ ਅਤੇ ਰੂਸ ਦੇ ਡਿਪਲੋਮੈਟਿਕ ਮਿਸ਼ਨਾਂ ਦੇ ਬਾਹਰ ਭਾਰੀ ਗਿਣਤੀ 'ਚ ਇੱਕਠੇ ਹੋਕੇ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕੀਤੇ ਹਨ । ਓਟਵਾ ਦੇ ਵਿਰੋਧ ਪ੍ਰਦਰਸ਼ਨ ਵਿਚ ਮੌਂਟਰੀਆਲ, ਟੋਰਾਂਟੋ ਅਤੇ ਓਟਵਾ ਦੀ ਸੰਗਤਾਂ ਨੇ ਹਜਾਰਾਂ ਦੀ ਤਾਦਾਦ ਅੰਦਰ ਖਾਲਿਸਤਾਨੀ ਝੰਡਿਆਂ ਦੇ ਨਾਲ ਇਸ ਰੋਸ ਪ੍ਰਦਰਸ਼ਨ ਵਿਚ ਹਿੱਸਾ ਲੈ ਕੇ ਭਾਈ ਨਿਝਰ ਦੇ ਹੱਕ ਵਿਚ ਭਾਰਤ ਅਤੇ ਰੂਸ ਵਿਰੁੱਧ ਜ਼ੋਰਦਾਰ ਪ੍ਰਦਰਸ਼ਨ ਕਰਦਿਆਂ ਭਾਰਤੀ ਐਂਬੇਸੀਆਂ ਨੂੰ ਬੰਦ ਕਰਣ ਦੀ ਮੰਗ ਦੇ ਨਾਲ ਭਾਰਤੀ ਮੰਤਰੀ ਰਾਜਨਾਥ ਵਿਰੁੱਧ ਨਾਹਰੇ ਲਗਾਏ ਸਨ ਅਤੇ ਉਨ੍ਹਾਂ ਦਾ ਪੁਤਲਾ ਫੂਕਿਆ ਗਿਆ ਸੀ । ਜਿਕਰਯੋਗ ਹੈ ਕਿ 18 ਜੂਨ 2023 ਨੂੰ ਭਾਈ ਹਰਦੀਪ ਸਿੰਘ ਨਿਝਰ ਦਾ ਸਰੀ ਡੇਲਟਾ ਵਿਖ਼ੇ ਗੁਰਦੁਆਰਾ ਸਾਹਿਬ ਦੇ ਬਾਹਰ ਜਦੋ ਓਹ ਆਪਣੀ ਗੱਡੀ ਅੰਦਰ ਬੈਠੇ ਸਨ ਅਣਪਛਾਤੇ ਹਮਲਾਵਰਾਂ ਨੇ ਉਨ੍ਹਾਂ ਨੂੰ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਸੀ । ਓਸ ਤੋ ਬਾਅਦ ਹਰ ਮਹੀਨੇ ਦੀ 18 ਤਰੀਕ ਨੂੰ ਕੈਨੇਡੀਅਨ ਸਿੱਖ ਕੈਨੇਡਾ ਅੰਦਰ ਭਾਰਤ ਦੀਆਂ ਵੱਖ ਵੱਖ ਐਂਬੇਸੀਆਂ ਮੂਹਰੇ ਭਾਈ ਨਿਝਰ ਦੇ ਕਤਲ ਦੇ ਹਮਲਾਵਰਾਂ ਅਤੇ ਉਨ੍ਹਾਂ ਨਾਲ ਸ਼ਾਮਿਲ ਭਾਰਤੀ ਰਾਜਦੂਤਾਂ ਵਿਰੁੱਧ ਕਾਰਵਾਈ ਦੀ ਮੰਗ ਕਰਦੇ ਹਨ । ਮੁਜਾਹਿਰੇ ਵਿਚ ਹਾਜਿਰ ਸਿੱਖਾਂ ਨੇ ਮੰਗ ਕੀਤੀ ਕਿ ਕੈਨੇਡਾ ਨੂੰ ਭਾਰਤ 'ਤੇ ਦਬਾਅ ਪਾਉਣਾ ਚਾਹੀਦਾ ਹੈ ਕਿ ਭਵਿੱਖ ਵਿੱਚ ਨਿਰਦੋਸ਼ ਲੋਕਾਂ ਦੀ ਹੱਤਿਆ ਨੂੰ ਰੋਕਿਆ ਜਾਵੇ। ਉਨ੍ਹਾਂ ਕਿਹਾ ਜੇਕਰ ਭਾਰਤੀ ਰਾਜਦੂਤਾਂ ਉਪਰ ਲਗ ਰਹੇ ਇਲਜ਼ਾਮ ਸੱਚ ਸਾਬਤ ਹੁੰਦੇ ਹਨ, ਤਾਂ ਇਹ ਨਿਯਮਾਂ-ਅਧਾਰਤ ਅੰਤਰਰਾਸ਼ਟਰੀ ਵਿਵਸਥਾ ਦੀ ਸੰਭਾਵੀ ਤੌਰ 'ਤੇ ਬਹੁਤ ਗੰਭੀਰ ਉਲੰਘਣਾ ਹੈ ਜਿਸ ਲਈ ਮਨੁੱਖੀ ਅਧਿਕਾਰ ਸੰਸਥਾਵਾਂ ਅਤੇ ਨਿਆਂ ਵਿਭਾਗਾਂ ਨੂੰ ਮਾਮਲੇ ਤੇ ਬਾਜ਼ ਨਜ਼ਰ ਰੱਖਣ ਦੀ ਲੋੜ ਹੈ । ਧਿਆਣਦੇਣ ਯੋਗ ਹੈ ਕਿ ਕੈਨੇਡਾ ਇਕੱਲਾ ਅਜਿਹਾ ਦੇਸ਼ ਨਹੀਂ ਹੈ ਜਿਸਨੇ ਭਾਰਤੀ ਅਧਿਕਾਰੀਆਂ 'ਤੇ ਵਿਦੇਸ਼ੀ ਧਰਤੀ 'ਤੇ ਕਤਲ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ ਹੈ । ਅਮਰੀਕੀ ਨਿਆਂ ਵਿਭਾਗ ਨੇ ਅਕਤੂਬਰ ਦੇ ਅੱਧ ਵਿੱਚ ਨਿਊਯਾਰਕ ਸਿਟੀ ਵਿੱਚ ਰਹਿਣ ਵਾਲੇ ਇੱਕ ਸਿੱਖ ਨੇਤਾ ਗੁਰਪਤਵੰਤ ਸਿੰਘ ਪਨੂੰ ਨੂੰ ਮਾਰਨ ਦੀ ਕਥਿਤ ਤੌਰ 'ਤੇ ਨਾਕਾਮ ਸਾਜ਼ਿਸ਼ ਦੇ ਸਬੰਧ ਵਿੱਚ ਇੱਕ ਭਾਰਤੀ ਸਰਕਾਰੀ ਕਰਮਚਾਰੀ ਵਿਰੁੱਧ ਅਪਰਾਧਿਕ ਦੋਸ਼ਾਂ ਦਾ ਐਲਾਨ ਕੀਤਾ ਸੀ । ਮੁਜਾਹਿਰੇ ਅੰਦਰ ਸਰੀ ਵੈਂਕੂਵਰ ਵਿਖ਼ੇ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਖਾਲਸਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਅਜੈਪਾਲ ਸਿੰਘ ਅਤੇ ਭਾਈ ਮਨਜਿੰਦਰ ਸਿੰਘ ਖਾਲਸਾ ਅਤੇ ਓਟਵਾ ਵਿਖ਼ੇ ਭਾਈ ਸੰਤੋਖ ਸਿੰਘ ਖੇਲਾ, ਭਾਈ ਇੰਦਰਜੀਤ ਸਿੰਘ ਗੋਸਲ, ਭਾਈ ਬਲਿਹਾਰ ਸਿੰਘ, ਭਾਈ ਗੁਪੇਸ਼ ਸਿੰਘ, ਭਾਈ ਬਲਕਰਨਪ੍ਰੀਤ ਸਿੰਘ, ਭਾਈ ਜਸਵਿੰਦਰ ਸਿੰਘ, ਬੀਬੀ ਮਨਪ੍ਰੀਤ ਕੌਰ, ਬੀਬੀ ਕਰਨਜੀਤ ਕੌਰ, ਗੁਰਫ਼ਤਹਿ ਸਿੰਘ ਅਤੇ ਚਰਨਜੀਤ ਸਿੰਘ ਸੁਜੋ ਸਮੇਤ ਹਜਾਰਾਂ ਦੀ ਗਿਣਤੀ ਅੰਦਰ ਸੰਗਤਾਂ ਮੌਜੂਦ ਸਨ । ਮੁਜਾਹਿਰੇ ਵਿਚ ਹਾਜਿਰ ਵੱਖ ਵੱਖ ਸਿੱਖ ਨੇਤਾਵਾਂ ਨੇ ਅਮਰੀਕਾ ਦੀ ਸੰਗਤਾਂ ਨੂੰ ਐਲ ਏ ਵਿਖ਼ੇ 23 ਮਾਰਚ ਨੂੰ ਭਾਰੀ ਗਿਣਤੀ ਵਿਚ ਪਹੁੰਚ ਕੇ ਵੋਟਾਂ ਅੰਦਰ ਹਿੱਸਾ ਲੈਣ ਦੀ ਅਪੀਲ ਕੀਤੀ।

### ਖ਼ਾਲਸਾਈ ਨਿਸ਼ਾਨ ਅਤੇ ਸੰਤਾਂ ਦੀ ਤਸਵੀਰ ਲੱਗੇ ਝੰਡੇ ਨੂੰ ਉਤਾਰ ਕੇ ਪੈਰਾਂ ਹੇਠ ਲੈਣਾ ਅਤਿ ਨਿੰਦਣਯੋਗ

# ਸ਼ਰਾਰਤੀ ਅਨਸਰ ਦੇਸ ਦੀ ਅਮਨ ਸ਼ਾਤੀ ਨੂੰ ਭੰਗ ਕਰਨਾ ਚਾਹੁੰਦੇ : ਬਾਬਾ ਬਿਬੇਕ ਸਿੰਘ

**ਜੰਡਿਆਲਾ ਗੁਰੂ 19 ਮਾਰਚ ( ਕੁਲਵੰਤ ਸਿੰਘ ਵਿਰਦੀ)**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਆਗੂ ਅਤੇ ਅਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਗੱਲਬਾਤ ਦੌਰਾਨ ਕਿਹਾ ਕਿ ਸ੍ਰੀ ਆਨੰਦਪੁਰ ਸਾਹਿਬ ਵਿਖੇ ਹਰ ਸਾਲ ਭਾਰੀ ਗਿਓਣਤੀ ਵਿੱਚ ਸੰਗਤਾਂ ਸਰਬੰਸਦਾਨੀ ਸਾਹਿਬ ਏ ਕਮਾਲ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਪਾਵਨ ਧਰਤੀ ਤੇ ਪਹੁੰਚ ਕੇ ਗੁਰਧਾਮਾਂ ਦੇ ਦਰਸ਼ਨ ਕਰਕੇ ਹੋਲੇ ਮਹੱਲੇ ਦੇ ਪਵਿੱਤਰ ਇਤਿਹਾਸਕ ਪੁਰਬ ਨੂੰ ਮਨਾਉਦੀਆਂ ਹਨ ਅਤੇ ਇਸ ਪਵਿੱਤਰ ਦਿਹਾੜੇ ਤੇ ਦੇਸ਼ ਵਿਦੇਸ਼ ਤੋਂ ਅਤੇ ਭਾਰਤ ਦੇਸ਼ ਦੇ ਹਰੇਕ ਸੂਬੇ ਤੋਂ ਖਾਸਕਰ ਪੰਜਾਬ ਭਰ ਤੋਂ ਸੰਗਤਾਂ ਗੱਡੀਆਂ ਮੋਟਰਸਾਈਕਲਾਂ ਤੇ ਸਵਾਰ ਹੋ ਕੇ ਸਾਧਨਾਂ ਉਪਰ ਖਾਲਸੇ ਦੇ ਨਿਸ਼ਾਨ ਅਤੇ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਲੱਗੀ ਤਸਵੀਰ ਵਾਲੇ ਝੰਡੇ ਲਗਾ ਕੇ ਯਾਤਰਾ ਕਰਦੇ ਹਨ ਲੇਕਿਨ ਬੀਤੇ ਦਿਨ ਹਿਮਾਚਲ ਪ੍ਰਦੇਸ਼ ਵਿੱਚ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਪੁਲਿਸ ਦੀ ਮੌਜੂਦਗੀ ਚ ਸਿੱਖ ਤੇ ਪੰਜਾਬੀ ਨੌਜਵਾਨਾਂ ਵੱਲੋਂ ਲਗਾਏ ਸਿੱਖ ਝੰਡੇ ਅਤੇ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਲੱਗੇ ਝੰਡੇ ਉਤਾਰ ਕੇ ਪਾੜ ਕੇ ਪੈਰਾਂ ਹੇਠ ਲੈ ਕਿ ਮਾਹੌਲ ਨੂੰ ਜਾਣਬੁੱਝ ਕੇ ਖਰਾਬ ਕਰਕੇ ਭਾਈਚਾਰਕ ਸਾਂਝ ਨੂੰ ਤੋੜਣ ਦਾ ਯਤਨ ਕੀਤਾ ਗਿਆ ਹੈ ਇਸ ਤਰ੍ਹਾਂ ਦੀਆਂ ਅੱਗ ਲਾਉਣ ਵਾਲੀਆਂ ਹਰਕਤਾਂ ਕਰਨ ਵਾਲੇ ਸ਼ਰਾਰਤੀ ਅਨਸਰਾਂ ਉਪਰ ਸਰਕਾਰਾਂ ਨੂੰ ਸਖ਼ਤ ਨੋਟਿਸ ਲੈਣਾ ਚਾਹੀਦਾ ਹੈ । ਅੱਗੇ ਬਾਬਾ ਬਿਬੇਕ ਸਿੰਘ ਅਮਨਦੀਪ ਸਿੰਘ ਡੱਡੂਆਣਾ ਨੇ ਕਿਹਾ ਕਿ ਜਦੋਂ ਪੁਲਿਸ ਯਾਤਰਾ ਕਰ ਰਹੇ ਕਿਸੇ ਨੌਜਵਾਨ ਨੂੰ ਰੋਕ ਕੇ ਵਾਹਨ ਦੇ ਕਾਗਜ਼ ਆਦਿ ਦੀ ਚੈਕਿੰਗ ਕਰਦੇ ਹਨ ਤਾਂ ਉਸ ਸਮੇਂ ਸਥਾਨਕ ਸ਼ਰਾਰਤੀ ਅਨਸਰਾਂ ਦਾ ਕੋਈ ਹੱਕ ਨਹੀਂ ਬਣਦਾ ਕਿ ਉਹ ਸਿੱਖ ਨੌਜਵਾਨਾਂ ਨਾਲ ਜ਼ੋਰ ਜ਼ਬਰਦਸਤੀ ਕਰਨ ਅਤੇ ਉਨ੍ਹਾਂ ਸਿੱਖ ਨੌਜਵਾਨਾਂ ਦੇ ਵਾਹਨਾਂ ਉੱਤੇ ਸਿੱਖਾਂ ਦੇ ਪੂਰਬਲਿਆਂ ਸ਼ਹੀਦਾਂ ਸਿੰਘਾਂ ਦੇ ਲੱਗੇ ਝੰਡਿਆਂ ਨੂੰ ਉਤਾਰਨ ਅਤੇ ਪਾੜਣ। ਅੱਗੇ ਉਨ੍ਹਾਂ ਕਿਹਾ ਕਿ ਇਸ ਘਟਨਾ ਨੂੰ ਇਸ ਤਰ੍ਹਾਂ ਵੀ ਕਹਿ ਸਕਦੇ ਹਾਂ ਕਿ ਜਿਵੇਂ ਹਿਮਾਚਲ ਪ੍ਰਦੇਸ਼ ਦੀ ਪੁਲਿਸ ਨੂੰ ਸਥਾਨਕ ਗੁੰਡੇ ਤੇ ਸ਼ਰਾਰਤੀ ਅਨਸਰ ਚਲਾ ਰਹੇ ਹੋਣ। ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਸਿੱਖ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਜਦੋਂ ਉਹ ਹਿਮਾਚਲ ਪ੍ਰਦੇਸ਼ ਜਾਣ ਤਾਂ ਆਪਣੇ ਵਾਹਨਾਂ ਦੇ ਕਾਗਜ਼ ਪੂਰੇ ਅਤੇ ਅਸਲੀ ਲੈ ਕਿ ਜਾਣ ਅਤੇ ਇਕੱਲੇ ਸਫ਼ਰ ਕਰਨ ਤੋਂ ਵੀ ਗੁਰੇਜ਼ ਕਰਨਾ ਚਾਹੀਦਾ ਹੈ । ਅੱਗੇ ਉਨ੍ਹਾਂ ਕਿਹਾ ਕਿ ਸੰਤਾਂ ਦੀ ਤਸਵੀਰ ਅਤੇ ਨਿਸ਼ਾਨ ਉਤਾਰ ਵਾਲੇ ਘਟੀਆ ਅਨਸਰਾਂ ਨੂੰ ਵੀ ਬਾਜ ਆਉਣਾ ਚਾਹੀਦਾ ਹੈ ਕਿਉਂਕਿ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਸਿੱਖ ਨੌਜਵਾਨਾਂ ਦੇ ਦਿਲਾਂ ਦੇ ਵੱਸਦੇ ਹਨ ਅਤੇ ਕੌਮ ਦੇ ਸ਼ਹੀਦ ਹੋਣ ਦੇ ਨਾਤੇ ਨੌਜਵਾਨਾਂ ਦੇ ਦਿਲਾਂ ਦੀ ਧੜਕਨ ਹਨ 9 ਜਿਸ ਧੜਕਣ ਨੂੰ ਬੰਦ ਤਾਂ ਕੀਤਾ ਜਾ ਸਕਦਾ ਪਰ ਦਿਲ ਵਿੱਚੋਂ ਬਾਹਰ ਨਹੀਂ ਕੱਢਿਆ ਜਾ ਸਕਦਾ।



### ਬਿਜਲੀ ਮੰਤਰੀ ਸ੍ ਹਰਭਜਨ ਸਿੰਘ ਈ ਟੀ ਓ ਵੱਲੋਂ ਸਬ ਸਟੇਸ਼ਨ 132 ਤੋਂ 220 ਦਾ ਉਦਘਾਟਨ ਕਰਨ ਮੌਕੇ ਬਿਜਲੀ ਬੋਰਡ ਦੀ ਇੰਪਲਾਈਜ ਫੈਡਰੇਸਨ (ਚਾਹਲ) ਜਥੇਬੰਦੀ ਵੱਲੋਂ ਸਨਮਾਨਿਤ ਕੀਤਾ ਗਿਆ



**ਜੰਡਿਆਲਾ ਗੁਰੂ 19 ਮਾਰਚ ( ਕੁਲਵੰਤ ਸਿੰਘ ਵਿਰਦੀ)**-ਅੱਜ ,ਪੀ.ਐਸ.ਟੀ.ਸੀ.ਐਲ ਟਰਾਂਸਮਿਸ਼ਨ ਸਬ ਸਟੇਸ਼ਨ 132 ਕੇਵੀ ਤੋਂ 220 ਕੇਵੀ ਕਰਨ ਤੇ ਖੁਸ਼ੀ ਦੇ ਮੌਕੇ ਤੇ ਬਿਜਲੀ ਮੁਲਾਜ਼ਮਾਂ ਦੀ ਜਥੇਬੰਦੀ ਇੰਪਲਾਈਜ ਫੈਡਰੇਸਨ ਵੱਲੋਂ ਬਿਜਲੀ ਮੰਤਰੀ ਸਰਦਾਰ ਹਰਭਜਨ ਸਿੰਘ ਈ ਟੀ ਉ ਤੇ ਉਹਨਾਂ ਦੇ ਧਰਮਪਤਨੀ ਸ੍ਰੀਮਤੀ ਸੁਹਿੰਦਰ ਕੌਰ ਜੀ ਦਾ ਵਿਸ਼ੇਸ਼ ਤੌਰ ਤੇ ਜਥੇਬੰਦੀ ਵੱਲੋਂ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਮਨਿੰਦਰ ਸਿੰਘ ਮਨੀ ਜੰਡਿਆਲਾ ਗੁਰੂ ਨੇ ਕਿਹਾ ਕੀ ਅਸੀਂ ਇੰਪਲਾਈਜ ਫੈਡਰੇਸਨ ਜਥੇਬੰਦੀ ਵੱਲੋਂ ਧੰਨਵਾਦ ਕਰਦੇ ਹਾਂ ਕੀ ਜੋ ਕੰਮ ਪਿਛਲੇ 40 ਸਾਲਾਂ ਵਿੱਚ ਨਹੀਂ ਹੋਈਆਂ ਉਹ ਬਿਜਲੀ ਮੰਤਰੀ ਸ੍ਰੀ ਹਰਭਜਨ ਸਿੰਘ ਈ ਟੀ ਉ ਜੀ ਨੇ ਕਰ ਦਿਖਾਇਆ ਮੰਤਰੀ ਸਾਹਿਬ ਜੀ ਨੂੰ ਜਦੋਂ ਦੀ ਜਿੰਮੇਵਾਰੀ ਮਿਲੀ ਹੈ ਉਸ ਸਮੇਂ ਤੋਂ ਹੀ ਦਿਨ ਰਾਤ ਇੱਕ ਕਰਕੇ ਬਿਜਲੀ ਮਹਿਕਮੇ ਨੂੰ ਬੁਲੰਦੀਆਂ ਤੇ ਲੈ ਕੇ ਗਏ। ਅੱਜ ਹਰ ਤਰ੍ਹਾਂ ਨਾਲ ਮਜਬੂਤ ਹੋ ਕੇ ਬਿਜਲੀ ਮੰਤਰੀ ਜੀ ਦੀ ਅਗਵਾਈ ਹੇਠ ਮਹਿਕਮਾ 600 ਯੂਨੀਟ ਬੱਤੀ ਪੰਜਾਬ ਦੇ ਹਰ ਘਰ ਨੂੰ ਫਰੀ ਦੇ ਰਿਹਾ ਹੈ ਅਤੇ ਬਿਜਲੀ ਦੇ ਖੇਤਰ ਵਿੱਚ ਹਰ ਤਰ੍ਹਾਂ ਦੇ ਸੁਧਾਰ ਹੋਏ ਹਨ ।ਪਿਛਲੇ ਦਿਨੀ ਜੰਡਿਆਲਾ ਗੁਰੂ ਹਲਕੇ ਵਿੱਚ ਵੀ ਬਿਜਲੀ ਦੀ ਨਵੀਆਂ ਕੇਬਲਾਂ ਤੇ ਨਵੇਂ ਬਿਜਲੀ ਦੇ ਖੰਬੇ ਤੇ ਟਰਾਸਫਾਰਮ ਲਗਾਏ ਗਏ ਹਨ। ਅਸੀਂ ਬਿਜਲੀ ਮੰਤਰੀ ਜੀ ਦਾ ਦਿਲੋਂ ਧੰਨਵਾਦ ਕਰਦੇ ਹਾਂ ਜੀ। ਇਸ ਮੌਕੇ ਤੇ ਇੰਪਲਾਈਜ ਜਥੇਬੰਦੀ ਦੇ ਪ੍ਰਧਾਨ ਪ੍ਰਾਪ ਸਿੰਘ ਸੁਖੇਵਾਲ, ਮੁੱਖ ਇੰਜੀਨੀਅਰ ਗੁਰਮੁੱਖ ਸਿੰਘ, ਸੁਖਦੇਵ ਸਿੰਘ ਪ੍ਰਧਾਨ ਵਰਪਾਲ,ਬਿਕਮਜੀਤ ਸਿੰਘ ਦਾਖਲਾ, ਮਨਿੰਦਰ ਸਿੰਘ ਮਨੀ ਜੰਡਿਆਲਾ ਗੁਰੂ,ਨਿਰਮਲ ਸਿੰਘ ਨਿੰਮਾ ਬੰਡਾਲਾ,ਦਿਲਬਾਗ ਸਿੰਘ, ਲਖਬੀਰ ਸਿੰਘ, ਅਵਤਾਰ ਸਿੰਘ ਆਦਿ ਜਥੇਬੰਦੀ ਆਗੂ ਤੇ ਇਸ ਮੌਕੇ ਤੇ ਨਰੇਸ਼ ਪਾਟਕ ਮੈਬਰ ਪੰਜਾਬ, ਸਤਿੰਦਰ ਸਿੰਘ ਜੀ, ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ,ਸੁਨੈਨਾ ਰੰਧਾਵਾ ਬਲਾਕ ਪ੍ਰਧਾਨ,ਸੁਰਜੀਤ ਸਿੰਘ ਕੰਗ, ਨਿਸ਼ਾਨ ਸਿੰਘ, ਸੁਨੀਲ ਪਾਸੀ, ਸਾਹਿਲ ਸ਼ਰਮਾ ਪ੍ਰਧਾਨ ਗਊਸ਼ਾਲਾ ਕਮੇਟੀ ਜੰਡਿਆਲਾ ਗੁਰੂ ਵੀ ਹਾਜ਼ਰ ਸਨ।

# ਹਿਮਾਚਲ ਪ੍ਰਦੇਸ਼ 'ਚ ਸਿੱਖ ਸ਼ਰਧਾਲੂਆਂ ਨਾਲ ਧੱਕਾ ਬਰਦਾਸ਼ਤ ਨਹੀਂ- ਐਡਵੋਕੇਟ ਧਾਮੀ

### ਫਿਰਕੂ ਅਨਸਰਾਂ ਵਿਰੁੱਧ ਸਰਕਾਰ ਕੋਲੋਂ ਸਖ਼ਤ ਕਾਰਵਾਈ ਦੀ ਮੰਗ



ਨਵੀਂ ਦਿੱਲੀ, 19 ਮਾਰਚ (ਮਨਪ੍ਰੀਤ ਸਿੰਘ ਖਾਲਸਾ):-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਿਮਾਚਲ ਪ੍ਰਦੇਸ਼ ਅੰਦਰ ਸਿੱਖ ਵਿਰੋਧੀ ਹਰਕਤਾਂ ਦੀ ਕਰੜੀ ਨਿੰਦਾ ਕਰਦਿਆਂ ਉੱਥੋਂ ਦੀ ਸਰਕਾਰ ਨੂੰ ਫਿਰਕੂ ਅਨਸਰਾਂ ਵਿਰੁੱਧ ਕਾਰਵਾਈ ਕਰਨ ਲਈ ਕਿਹਾ ਹੈ। ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਵਿੱਚ ਐਡਵੋਕੇਟ ਧਾਮੀ ਨੇ ਆਖਿਆ ਕਿ ਸਿੱਖ ਸ਼ਰਧਾਲੂ ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਸਥਿਤ ਪਾਵਨ ਗੁਰਧਾਮਾਂ ਦੇ ਦਰਸ਼ਨਾਂ ਲਈ ਅਕਸਰ ਜਾਂਦੇ ਹਨ, ਪਰੰਤੂ ਦੁੱਖ ਦੀ ਗੱਲ ਹੈ ਕਿ ਹਿਮਾਚਲ ਪ੍ਰਦੇਸ਼ ਸੂਬੇ ਅੰਦਰ ਸਿੱਖਾਂ ਨੂੰ ਕੁਝ ਲੋਕਾਂ ਵੱਲੋਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਹ ਲੋਕ ਸਿੱਖ ਯਾਤਰੂਆਂ ਦੇ ਵਾਹਨਾਂ ਉੱਤੇ ਲੱਗੇ ਨਿਸ਼ਾਨ ਸਾਹਿਬ ਤੇ ਕੌਮੀ ਸ਼ਹੀਦ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਸਮੇਤ ਹੋਰ ਸਿੱਖ ਨਾਇਕਾਂ ਦੀਆਂ ਤਸਵੀਰਾਂ ਅਤੇ ਝੰਡੇ ਜਬਰੀ ਪਾੜ ਰਹੇ ਹਨ। ਇਸ ਨਾਲ ਸਿੱਖ ਸ਼ਰਧਾਲੂਆਂ ਅੰਦਰ ਡਰ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਵਰਤਾਰਾ ਦੇਸ਼ ਹਿੱਤ ਵਿੱਚ ਨਹੀਂ। ਉਨ੍ਹਾਂ ਕਿ ਇਹ ਕਦੇ ਨਹੀਂ ਭੁੱਲਣਾ ਚਾਹੀਦਾ ਕਿ ਅੱਜ ਜੇਕਰ ਦੇਸ਼ ਦਾ ਬਹੁ-ਧਰਮੀ ਤੇ ਬਹੁ-ਕੌਮੀ ਸੱਭਿਆਚਾਰ ਜ਼ਿੰਦਾ ਹੈ ਤਾਂ ਉਹ ਸਿੱਖਾਂ ਦੀਆਂ ਦੇਸ਼ ਲਈ ਸ਼ਹਾਦਤਾਂ ਦੀ ਬਦੌਲਤ ਹੈ। ਉਨ੍ਹਾਂ ਕਿਹਾ ਕਿ ਹਰ ਇੱਕ ਨੂੰ ਆਪਣੇ ਧਰਮ ਦੀਆਂ ਕਦਰਾਂ ਕੀਮਤਾਂ 'ਤੇ ਪਹਿਰਾ ਦੇਣ ਅਤੇ ਆਪਣੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਦਿਦਾਰੇ ਕਰਨ ਦਾ ਪੂਰਾ ਹੱਕ ਹੈ। ਹਿਮਾਚਲ ਪ੍ਰਦੇਸ਼ ਵਿੱਚ ਸਿੱਖ ਸ਼ਰਧਾਲੂਆਂ ਨਾਲ ਵਾਪਰ ਰਹੀਆਂ ਘਟਨਾਵਾਂ ਤੋਂ ਸਪਸ਼ਟ ਹੈ ਕਿ ਉੱਥੋਂ ਦੀ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਆਪਣੀ ਜਿੰਮੇਵਾਰੀ ਨਹੀਂ ਨਿਭਾਅ ਰਹੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਗੰਭੀਰ ਮਾਮਲੇ ਉੱਤੇ ਚੁੱਪ ਰਹਿਣਾ ਵੀ ਸੂਬੇ ਦੇ ਲੋਕਾਂ ਵਿਰੋਧੀ ਭੁਗਤਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਜਿੰਮੇਵਾਰੀ ਹੈ ਕਿ ਉਹ ਆਪਣੇ ਲੋਕਾਂ ਦੀ ਤਰਜਮਾਨੀ ਕਰੇ ਅਤੇ ਉਨ੍ਹਾਂ ਨਾਲ ਹੋ ਰਹੇ ਧੱਕੇ ਦਾ ਮਾਮਲਾ ਹਿਮਾਚਲ ਪ੍ਰਦੇਸ਼ ਸਰਕਾਰ ਕੋਲ ਉਠਾਏ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਹਿਮਾਚਲ ਪ੍ਰਦੇਸ਼ ਸਰਕਾਰ ਨੂੰ ਸਪਸ਼ਟ ਤੌਰ 'ਤੇ ਆਖਦੀ ਹੈ ਕਿ ਉਹ ਇਸ ਗੰਭੀਰ ਮੁੱਦੇ 'ਤੇ ਸੰਜੀਦਾ ਪਹੁੰਚ ਅਪਣਾਏ ਅਤੇ ਦੋਸ਼ੀਆਂ ਵਿਰੁੱਧ ਕਾਰਵਾਈ ਕਰੇ।

## ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉਚਤਾ, ਮਾਨ ਮਰਿਯਾਦਾ, ਸਿਧਾਤਾਂ ਤੇ ਪਰੰਪਰਾਵਾਂ ਦੀ ਰਾਖੀ ਲਈ 22 ਨੂੰ ਮਖੂ ਵਿਖੇ ਹੋਵੇਗੀ ਮੀਟਿੰਗ



ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ, ਮਾਨ ਮਰਿਯਾਦਾ, ਸਿਧਾਂਤਾਂ ਅਤੇ ਪਰੰਪਰਾਵਾਂ ਦੀ ਰਾਖੀ ਲਈ 22 ਮਾਰਚ ਨੂੰ ਦੁਪਹਿਰੇ 1 ਵਜੇ ਗੁਰਦੁਆਰਾ ਬਾਬਾ ਬਾਠਾਂ ਮਖੂ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਪੰਜ ਸਿੰਘਾ ਦੀ ਅਗਵਾਈ ਵਿੱਚ ਸੰਗਤਾਂ ਦੀ ਵੱਡੀ ਇਕੱਤਰਤਾ ਹੋ ਰਹੀ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਦੱਸਿਆ ਕਿ ਇਸ ਮੀਟਿੰਗ ਵਿਚ ਇਲਾਕੇ ਦੀਆਂ ਸੰਗਤਾਂ, ਸਿਆਸੀ ਅਤੇ ਧਾਰਮਿਕ ਜਥੇਬੰਦੀਆਂ, ਕਿਸਾਨ ਯੂਨੀਅਨਾਂ ਸਮਾਜਸੇਵੀ ਸੰਸਥਾਵਾਂ ਆਪਣਾ ਬਣਦਾ ਯੋਗਦਾਨ ਪਾਉਣ ਲਈ ਭਾਗ ਲੈ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਹ ਇਕੱਤਰਤਾ ਪਾਰਟੀਬਾਜੀ, ਧੜੇਬੰਦੀ, ਜਾਤਪਾਤ ਦੇ ਭੇਦ ਭਾਵ ਤੋਂ ਉਪਰ ਉੱਠ ਕੇ ਗੁਰੂ ਸਾਹਿਬ ਨੂੰ ਸਮਰਪਤ ਹੋਣ ਲਈ ਕੀਤੀ ਜਾ ਰਹੀ ਹੈ। ਇਸ ਮੀਟਿੰਗ ਵਿੱਚ ਸੰਗਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਖੜ੍ਹਨ ਦਾ ਪ੍ਰਣ ਕਰਣਗੀਆਂ ਅਤੇ ਪੰਥਕ ਸੰਸਥਾ ਨੂੰ ਢਾਹ ਲਾਉਣ ਵਾਲੀਆਂ ਸ਼ਕਤੀਆਂ ਵਿਰੁੱਧ ਇਕਜੁੱਟ ਹੋ ਕੇ ਵਿਰੋਧ ਕਰਨਗੀਆਂ। ਇਸ ਮੌਕੇ ਡਾਕਟਰ ਮੁਖਤਿਆਰ ਸਿੰਘ ਭੁੱਲਰ, ਹਰਜਿੰਦਰ ਸਿੰਘ ਸਰਪੰਚ, ਭਾਈ ਬਲਕਾਰ ਸਿੰਘ, ਭਾਈ ਹਰਪਾਲ ਸਿੰਘ, ਦਰਸ਼ਨ ਸਿੰਘ, ਭਾਈ ਨਿਸ਼ਾਨ ਸਿੰਘ, ਭਾਈ ਸੁਖਦੇਵ ਸਿੰਘ, ਇਕਬਾਲ ਸਿੰਘ ਚੱਬਾ ਹਾਜ਼ਰ ਸਨ।

## ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਵਿਖੇ ਹੋਲਾ ਮਹੱਲਾ ਅਤੇ

# ਨਵੇਂ ਸਾਲ ਮੌਕੇ ਸਜਾਏ ਗਏ ਦੀਵਾਨ



**ਨਵੀਂ ਦਿੱਲੀ 19 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਵਿੱਚ ਭਾਰੀ ਗਿਣਤੀ ਅੰਦਰ ਸੰਗਤਾਂ ਹੋਲਾ ਮਹੱਲਾ ਅਤੇ ਸਿੱਖ ਪੰਥ ਦਾ ਨਵਾਂ ਸਾਲ ਮਨਾਉਣ ਲਈ ਇੱਕਠੀਆਂ ਹੋਈਆਂ ਸਨ । ਜਿਕਰਯੋਗ ਹੈ ਕਿ ਹੋਲਾ ਮਹੱਲਾ ਇੱਕ ਸਿੱਖ ਤਿਉਹਾਰ ਹੈ ਅਤੇ ਗੁਰੂਕਾਲ ਤੋ ਇਸ ਨੂੰ ਮਨਾਇਆ ਜਾ ਰਿਹਾ ਹੈ। ਭਾਈ ਕੁਲਦੀਪ ਸਿੰਘ ਦਿਓਲ ਪ੍ਰਧਾਨ ਗੁਰਦੁਆਰਾ ਸਮੈਥਵਿਕ ਨੇ ਦਸਿਆ ਕਿ ਹੋਲਾ ਮਹੱਲਾ ਸਿੱਖ ਜੰਗੀ ਰੂਹ ਨੂੰ ਉਜਾਗਰ ਕਰਨ ਵਾਲਾ ਤਿਉਹਾਰ ਹੈ। ਇਹ ਹਰ ਸਾਲ, ਆਮ ਤੌਰ 'ਤੇ ਹੋਲੀ ਦੇ ਅਗਲੇ ਦਿਨ ਮਨਾਇਆ ਜਾਂਦਾ ਹੈ ਅਤੇ ਮੁੱਖ ਤੌਰ 'ਤੇ ਨਿਹੰਗ ਸੰਪ੍ਰਦਾਇ ਦੇ ਸਿੱਖਾਂ ਨੂੰ ਇਕੱਠਾ ਕਰਦਾ ਹੈ। ਇਹ ਤਿਉਹਾਰ ਪੰਜਾਬ, ਭਾਰਤ ਦੇ ਆਨੰਦਪੁਰ ਸਾਹਿਬ ਵਿਖੇ ਮਨਾਇਆ ਜਾਂਦਾ ਹੈ। ਦਸਵੇਂ ਸਿੱਖ ਗੁਰੂ, ਗੁਰੂ ਗੋਬਿੰਦ ਸਿੰਘ ਜੀ ਨੇ ਇਸ ਦੀ ਸਥਾਪਨਾ ਕੀਤੀ ਸੀ, ਤਾਂ ਜੋ ਸਿੱਖ ਇਕੱਠੇ ਹੋਣ, ਜੰਗੀ ਕੌਸ਼ਲਾਂ ਦੀ ਪ੍ਰੈਕਟਿਸ ਕਰਨ ਅਤੇ ਆਪਣੀ ਜੰਗੀ ਮਹਾਰਤ, ਕਵਿਤਾ ਅਤੇ ਸੰਗੀਤ ਦੇ ਜ਼ਰੀਏ ਆਪਣਾ ਪਰਚਮ ਲਹਿਰਾ ਸਕਣ। ਇਹ ਇੱਕ ਰੰਗੀਨ ਅਤੇ ਅਰਥਪੂਰਨ ਪਰੰਪਰਾ ਹੈ। ਉਨ੍ਹਾਂ ਦਸਿਆ ਕਿ ਹੋਲਾ ਮਹੱਲਾ ਸਿੱਖ ਮੁੱਲਾਂ, ਜੰਗੀ ਪਰੰਪਰਾਵਾਂ ਅਤੇ ਭਾਈਚਾਰੇ ਦਾ ਜਸ਼ਨ ਹੈ। ਇਹ ਵੱਡੀਆਂ ਗਤਿਵਿਧੀਆਂ, ਜੁਲੂਸਾਂ ਅਤੇ ਫੌਜੀ ਅਭਿਆਸਾਂ ਲਈ ਜਾਣਿਆ ਜਾਂਦਾ ਹੈ, ਖਾਸ ਕਰਕੇ ਨਿਹੰਗ ਸਿੱਖਾਂ ਵਿਚਲੇ ਜਿਨ੍ਹਾਂ ਦੀ ਪਛਾਣ ਜੰਗੀ ਕਲਾਵਾਂ ਨਾਲ ਹੁੰਦੀ ਹੈ। ਗੁਰੂ ਗੋਬਿੰਦ ਸਿੰਘ ਜੀ ਨੇ ਲਗਭਗ 1701 ਵਿਚ ਇਸ ਦੀ ਸ਼ੁਰੂਆਤ ਕੀਤੀ ਸੀ, ਤਾਂ ਜੋ ਆਪਣੇ ਅਨੁਯਾਇਆਂ ਨੂੰ ਲੜਾਈ ਲਈ ਤਿਆਰ ਕਰ ਸਕਣ ਅਤੇ ਮੁਗਲਾਂ ਉਤੇ ਜਿੱਤ ਦਾ ਜਸ਼ਨ ਮਨਾ ਸਕਣ। ਇਹ ਦਿਨ ਗਤਕਾ, ਕਵਿਤਾ, ਗੀਤਾਂ, ਝੂਠੀਆਂ ਲੜਾਈਆਂ ਅਤੇ ਬਲੀਦਾਨ ਤੇ ਹਿੰਮਤ ਵਰਗੀਆਂ ਮੁੱਲਾਂ ਦੀ ਇੱਜ਼ਤ ਦੇਣ ਲਈ ਮਨਾਇਆ ਜਾਂਦਾ ਹੈ। ਇਹ ਹਰ ਸਾਲ ਹੋਲੀ ਦੇ ਦਿਨ ਤੋਂ ਬਾਅਦ ਮਨਾਇਆ ਜਾਂਦਾ ਹੈ ਅਤੇ ਸਿੱਖ ਪਛਾਣ, ਤਾਕਤ ਅਤੇ ਅਨੁਸ਼ਾਸਨ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਕਿਹਾ ਕਿ ਅਸਲ ਵਿੱਚ, ਹੋਲਾ ਮਹੱਲਾ ਸਿਰਫ਼ ਇੱਕ ਤਿਉਹਾਰ ਨਹੀਂ ਹੈ, ਇਹ ਸਿੱਖ ਇਤਿਹਾਸ, ਆਧਿਆਤਮਿਕਤਾ ਅਤੇ ਭਾਈਚਾਰੇ ਦੀ ਮਜ਼ਬੂਤੀ ਦਾ ਪ੍ਰਤੀਕ ਹੈ। ਇਹ ਸਿੱਖ ਜੀਵਨ ਰੂਪ ਦੀਆਂ ਮੁੱਲਾਂ ਨੂੰ ਪ੍ਰੇਰਿਤ ਅਤੇ ਮਜ਼ਬੂਤ ਕਰਨ ਲਈ ਹਰ ਸਾਲ ਮਨਾਇਆ ਜਾਂਦਾ ਹੈ। ਉਨ੍ਹਾਂ ਦਸਿਆ ਕਿ ਇਸ ਮੌਕੇ ਗੁਰਦੁਆਰਾ ਸਾਹਿਬ ਵਿਚ ਵਿਸ਼ੇਸ਼ ਦੀਵਾਨ ਸਜਾਏ ਗਏ ਸਨ ਜਿਸ ਵਿਚ ਵਡੀ ਗਿਣਤੀ ਅੰਦਰ ਸੰਗਤਾਂ ਨੇ ਹਾਜ਼ਿਰੀ ਭਰ ਕੇ ਗੁਰਬਾਣੀ ਅਤੇ ਕਥਾ ਵਿਚਾਰਾਂ ਸਰਵਣ ਕਰਦਿਆਂ ਆਪਣਾ ਸਮਾਂ ਗੁਰੂ ਜਸ ਨਾਲ ਜੋੜਿਆ ਸੀ।

## ਕੀ ਪ੍ਰਧਾਨ ਮੰਤਰੀ ਆਯੁਸ਼ਮਾਨ ਕਾਰਡ

# ਬਜ਼ੁਰਗਾਂ ਨਾਲ ਧੋਖਾ ਤਾਂ ਨਹੀਂ ਜਾਂ ਫਿਰ ਬਜ਼ੁਰਗਾਂ ਲਈ ਇੱਕ ਮ੍ਰਿਗ ਤ੍ਰਿਸ਼ਨਾ



ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ):— ਚੋਣਾਂ ਤੋਂ ਪਹਿਲਾਂ ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ 70 ਸਾਲ ਤੋਂ ਵੱਧ ਉਮਰ ਦੇਸ਼ ਦੇ ਸਾਰੇ ਬਜ਼ੁਰਗਾਂ ਲਈ ਇੱਕ ਵਿਸ਼ੇਸ਼ ਤੋਹਫ਼ੇ ਵਜੋਂ ਆਯੁਸ਼ਮਾਨ ਭਾਰਤ ਯੋਜਨਾ ਨੂੰ ਲਾਗੂ ਕਰਨ ਲਈ ਕਿਹਾ ਸੀ। ਸਰਕਾਰ ਬਣਦੇ ਹੀ, 70 ਸਾਲ ਤੋਂ ਵੱਧ ਉਮਰ ਦੇ ਸਾਰੇ ਬਜ਼ੁਰਗਾਂ ਲਈ ਆਯੁਸ਼ਮਾਨ ਕਾਰਡ ਬਣਾ ਕੇ ਇਸ ਯੋਜਨਾ ਨੂੰ ਲਾਗੂ ਕੀਤਾ ਗਿਆ। ਜਾਣਕਾਰੀ ਸਾਂਝੀ ਕਰਦਿਆਂ ਪੀ.ਡੀ ਸ਼ਰਮਾ, ਪ੍ਰਧਾਨ, ਸੀਨੀਅਰ ਸਿਟੀਜ਼ਨ ਕੌਂਸਲ, ਰਜਿ ਫਿਰੋਜ਼ਪੁਰ, ਪੰਜਾਬ ਨੇ ਕਿਹਾ ਕਿ ਇਸ ਯੋਜਨਾ ਦੇ ਤਹਿਤ, ਜਦੋਂ ਵੀ 70 ਸਾਲ ਤੋਂ ਵੱਧ ਉਮਰ ਦਾ ਕੋਈ ਬਜ਼ੁਰਗ ਵਿਅਕਤੀ ਬਿਮਾਰ ਹੁੰਦਾ ਹੈ, ਤਾਂ ਉਹ ਪ੍ਰਧਾਨ ਮੰਤਰੀ ਆਯੂਸ਼ਮਾਨ ਕਾਰਡ ਲੈ ਲੈ ਕੇ ਕਿਸੇ ਵੀ ਹਸਪਤਾਲ ਵਿੱਚ ਇਲਾਜ ਲਈ ਜਾ ਸਕਦਾ ਹੈ ਇਸ ਇਲਾਜ ਤੇ 5 ਲੱਖ ਰੁਪਏ ਤੱਕ ਦਾ ਖਰਚਾ ਆ ਸਕਦਾ ਹੈ ਜਿਸ ਦੀ ਅਦਾਇਗੀ ਉਸ ਬਿਮਾਰ ਪੁਰਸ਼ ਨੂੰ ਕਰਨ ਦੀ ਲੋੜ ਨਹੀਂ। ਇਹ ਕਿਹਾ ਗਿਆ ਸੀ ਕਿ ਇਸ ਇਲਾਜੋ ਤੇ ਆਉਣ ਵਾਲਾ ਖਰਚਾ ਸਰਕਾਰ ਚੁੱਕੇਗੀ। ਜਾਰੀ ਕੀਤੇ ਗਏ ਆਯੁਸ਼ਮਾਨ ਕਾਰਡ ਦੇ ਉੱਤੇ ਵੀ ਸਪਸ਼ਟ ਲਿਖਿਆ ਹੈ ਪ ਲੱਖ ਤੱਕ ਦਾ ਮੁਫਤ ਇਲਾਜ, ਪਰ ਦੁੱਖ ਦੀ ਗੱਲ ਇਹ ਹੈ ਕਿ ਪ੍ਰਾਈਵੇਟ ਹਸਪਤਾਲ ਮਾਨਯੋਗ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਵੱਲੋਂ ਦਿੱਤੇ ਗਏ ਇਸ ਤੋਹਫ਼ੇ ਨੂੰ ਸਵੀਕਾਰ ਕਰਨ ਲਈ ਤਿਆਰ ਨਹੀਂ ਹਨ। ਜੇਕਰ ਸਾਰੇ ਹਸਪਤਾਲ ਇਸ ਤਰ੍ਹਾਂ ਕਰਨ ਲੱਗਣਗੇ ਤਾਂ ਅਜਿਹਾ ਬਜ਼ੁਰਗਾਂ ਨਾਲ ਵਿਸ਼ਵਾਸਘਾਤ ਜਾਂ ਮਿਰਜ਼ਾ ਕਿਹਾ ਜਾਣਾ ਚਾਹੀਦਾ ਹੈ। ਇਸਦੀ ਇੱਕ ਉਦਾਹਰਣ ਉਦੋਂ ਸਾਹਮਣੇ ਆਈ ਜਦੋਂ 27 ਫਰਵਰੀ 2025 ਨੂੰ ਪੀ.ਡੀ ਸ਼ਰਮਾ ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ ਰਜਿ ਫਿਰੋਜਪੁਰ ਪੰਜਾਬ ਆਪਣੀ ਪਤਨੀ ਨੂੰ ਇਲਾਜ ਲਈ ਡੀ.ਐਮ.ਸੀ ਹਸਪਤਾਲ ਲੁਧਿਆਣਾ ਵਿਖੇ ਲੈ ਕੇ ਗਿਆ ਅਤੇ ਉਥੇ ਪੁੱਜ ਕੇ ਦਾਖਲ ਕਰਵਾਇਆ, ਉਸ ਹਸਪਤਾਲ ਦੇ ਕਰਮਚਾਰੀਆਂ ਨੂੰ ਆਪਣਾ ਆਯੁਸ਼ਮਾਨ ਕਾਰਡ ਦਿਖਾਇਆ, ਉਥੇ ਬੈਠੇ ਕਰਮਚਾਰੀਆਂ ਨੇ ਤੁਰੰਤ ਕਿਹਾ ਕਿ ਇਹ ਕਾਰਡ ਡੀ.ਐਮ.ਸੀ ਲੁਧਿਆਣਾ ਵਿੱਚ ਨਹੀਂ ਚਲਦਾ ਹੈ। ਇਹ ਸੁਣ ਕੇ ਮੇਰੇ ਪੈਰਾਂ ਤਲੋ ਜਮੀਨ ਨਿਕਲ ਗਈ ਕਿ ਮੇਰੇ ਨਾਲ ਕੀ ਬਣੇਗਾ। ਇਸ ਲਈ ਮੈਂ ਸੋਚਣ ਲੱਗਾ ਕਿ ਜੇ ਇਹ ਕਾਰਡ ਭਾਰਤ ਵਿੱਚ ਨਹੀਂ ਚੱਲਦਾ ਹੈ, ਤਾਂ ਕੀ ਇਹ ਵਿਦੇਸ਼ਾਂ ਵਿੱਚ ਚੱਲੇਗਾ, ਮੈਂ ਆਪਣੀ ਪਤਨੀ ਨੂੰ ਫਿਰੋਜ਼ਪੁਰ ਤੋਂ ਲੁਧਿਆਣਾ ਇਲਾਜ ਲਈ ਲੈ ਕੇ ਗਿਆ ਸੀ ਪਰ ਮੈਨੂੰ ਇਹ ਨਹੀਂ ਪਤਾ ਸੀ ਕਿ ਹਸਪਤਾਲ ਦਾ ਸਟਾਫ ਆਯੁਸ਼ਮਾਨ ਕਾਰਡ ਰਾਹੀਂ ਉਸਦਾ ਇਲਾਜ ਕਰਨ ਲਈ ਸਹਿਮਤ ਨਹੀਂ ਹੋਵੇਗਾ। ਫਿਰ ਮੈਂ ਇਧਰ—ਉਧਰ ਤੋਂ ਪੈਸੇ ਇਕੱਠੇ ਕੀਤੇ ਅਤੇ ਉੱਥੇ ਜਮ੍ਹਾ ਕਰਵਾਏ ਅਤੇ ਇਲਾਜ ਸ਼ੁਰੂ ਕਰਵਾਇਆ। ਕਈ ਵਾਰ ਇਹ ਪ੍ਰਾਈਵੇਟ ਹਸਪਤਾਲ ਮਰੀਜ਼ ਦੀ ਉਮਰ ਵੀ ਆਪਣੀ ਮਰਜ਼ੀ ਨਾਲ ਲਿਤੇ ਹੁੰਦੇ ਹਨ ਕਿਉਂਕਿ ਮਰੀਜ਼ ਤੇ ਉਸ ਤੇ ਘਰ ਵਾਲੇ ਬਿਮਾਰੀ ਕਾਰਨ ਘਬਰਾਏ ਹੁੰਦੇ ਹਨ ਉਹ ਆਧਾਰ ਕਾਰਡ ਹੋਣ ਦੇ ਬਾਵਜੂਦ ਵੀ ਆਪਣੀ ਮਨ ਮਰਜ਼ੀ ਨਾਲ ਉਸ ਦੀ ਉਮਰ ਦਰਜ ਕਰਦੇ ਹਨ। ਇਸ ਇਲਾਜੋ ਤੇ 47121 ਰੁਪਏ 82 ਪੈਸੇ ਖਰਚ ਹੋਏ ਪਰ ਆਯੁਸ਼ਮਾਨ ਕਾਰਡ ਮੇਰੀ ਜੇਬ ਵਿੱਚ ਹੀ ਰਹਿ ਗਿਆ।

ਗੱਲਬਾਤ ਕਰਦਿਆਂ ਸ੍ਰੀ ਸ਼ਰਮਾ ਨੇ ਕਿਹਾ ਕਿ ਮਾਮਲਾ ਇੱਥੇ ਹੀ ਖਤਮ ਨਹੀਂ ਹੋਇਆ, ਫਿਰੋਜ਼ਪੁਰ ਵਿੱਚ ਕੁਝ ਦਿਨ ਰਹਿਣ ਤੋਂ ਬਾਅਦ, ਮੇਰੀ ਪਤਨੀ ਨੂੰ ਰੀਹਾਈਡਰੇਸ਼ਨ ਕਾਰਨ ਤੁਰੰਤ ਹੜਤਾਲ ਤੇ ਜਾਣਾ ਪਿਆ। ਜਦੋਂ ਮੈਂ ਇਲਾਜ ਲਈ ਆਪਣੇ ਘਰ ਦੇ ਨੇੜੇ ਫਿਰੋਜ਼ਪੁਰ ਦੇ ਦਸਮੇਸ਼ ਹਸਪਤਾਲ ਪੁੱਜਿਆ। ਉੱਥੇ ਵੀ ਸਾਡੇ ਨਾਲ ਇਹੀ ਹਾਲ ਹੋਇਆ, ਜਦੋਂ ਮੈਂ ਦਾਖਲਾ ਲੈ ਰਿਹਾ ਸੀ ਅਤੇ ਮੈਂ ਕਾਰਡ ਦਿਖਾਇਆ, ਤਾਂ ਹਸਪਤਾਲ ਦੇ ਕਰਮਚਾਰੀ ਨੇ ਨਕਦ ਭੁਗਤਾਨ ਕਰਨੋ ਤੇ ਜ਼ੋਰ ਦਿੱਤਾ ਅਤੇ ਉਸਨੇ ਕਿਹਾ ਕਿ ਆਯੁਸ਼ਮਾਨ ਕਾਰਡ ਇੱਥੇ ਵੈਧ ਨਹੀਂ ਹੈ, ਇਸ ਲਈ ਮੈਨੂੰ ਤੁਰੰਤ ਨਕਦ ਪੈਸੇ ਜਮ੍ਹਾ ਕਰਵਾਉਣ ਉਪਰੰਤ ਇਲਾਜ ਲਈ ਬੇਨਤੀ ਕੀਤੀ। ਮੈਨੂੰ ਸਮਝ ਨਹੀਂ ਆਉਂਦਾ ਕਿ ਆਯੁਸ਼ਮਾਨ ਕਾਰਡ ਕਿੱਥੇ ਕੰਮ ਕਰਦਾ ਹੈ, ਜੇ ਇਹ ਕੰਮ ਨਹੀਂ ਕਰਦਾ ਤਾਂ ਇਸਨੂੰ ਬਣਾਉਣ ਦੀ ਕੀ ਲੋੜ ਸੀ। ਮੈਂ ਪ੍ਰਧਾਨ ਮੰਤਰੀ ਨੂੰ ਬੇਨਤੀ ਕਰਾਂਗਾ ਕਿ ਇਨ੍ਹਾਂ ਹਸਪਤਾਲਾਂ ਵਿੱਚ ਬਜ਼ੁਰਗਾਂ ਦੇ ਇਸ ਤਰ੍ਹਾਂ ਦੇ ਇਲਾਜ ਦੀ ਇਜਾਜ਼ਤ ਦਿੱਤੀ ਜਾਵੇ। ਪਰ ਜੇਕਰ ਆਯੁਸ਼ਮਾਨ ਕਾਰਡ ਦਾ ਕੋਈ ਲਾਭ ਨਹੀਂ ਹੈ, ਤਾਂ ਸਰਕਾਰ ਨੂੰ ਅਖ਼ਬਾਰਾਂ ਵਿੱਚ ਇਹ ਪ੍ਰਕਾਸ਼ਿਤ ਕਰਨਾ ਚਾਹੀਦਾ ਹੈ ਕਿ ਆਯੁਸ਼ਮਾਨ ਕਾਰਡ ਸਿਰਫ਼ ਸਰਕਾਰੀ ਹਸਪਤਾਲਾਂ ਵਿੱਚ ਹੀ ਵੈਧ ਹੋਵੇਗਾ ਤਾਂ ਜੋ ਕੋਈ ਵੀ ਇਸ ਆਯੁਸ਼ਮਾਨ ਕਾਰਡਦੇਸ਼ ਸਹਾਰੇ ਕਿਸੇ ਪ੍ਰਾਈਵੇਟ ਹਸਪਤਾਲ ਵਿੱਚ ਇਲਾਜ ਲਈ ਨਾ ਪੁਜ ਜਾਵੇ ਅਤੇ ਉਹਨਾਂ ਦੇ ਜਵਾਬ ਦੇਣ ਤੇ ਕੋਈ ਅਣਹੋਣੀ ਨਹੀਂ ਨਾ ਵਾਪਰ ਜਾਵੇ। ਕਾਰਡ ਦੀ ਮਦਦ ਨਾਲ ਇਲਾਜ ਲਈ ਕਿਸੇ ਨਿੱਜੀ ਹਸਪਤਾਲ ਵਿੱਚ ਨਹੀਂ ਜਾਣਾ ਚਾਹੀਦਾ ਜਾਂ ਜੇਕਰ ਕੋਈ ਇਸ ਸੋਚ ਨਾਲ ਹਸਪਤਾਲ ਜਾਂਦਾ ਹੈ ਤਾਂ ਉਸ ਨਾਲ ਕੁਝ ਅਣਸੁਖਾਵਾਂ ਵਾਪਰ ਸਕਦਾ ਹੈ। ਇਸ ਲਈ, ਮੈਂ ਸਰਕਾਰ ਨੂੰ ਬੇਨਤੀ ਕਰਾਂਗਾ ਕਿ ਇਸ ਦੀ ਚੰਗੀ ਤਰ੍ਹਾਂ ਜਾਂਚ ਪੜਤਾਲ ਕੀਤੀ ਜਾਵੇ ਅਤੇ ਜੇਕਰ ਇਹ ਹਸਪਤਾਲ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਨ ਲਈ ਤਿਆਰ ਨਹੀਂ ਹੈ ਤਾਂ ਸਰਕਾਰ ਨੂੰ ਇਸ ਲਈ ਕੁਝ ਪ੍ਰਬੰਧ ਕਰਨੇ ਚਾਹੀਦੇ ਹਨ ਨਹੀਂ ਤਾਂ ਆਯੁਸ਼ਮਾਨ ਭਾਰਤ ਦੀ ਯੋਜਨਾ ਨੂੰ ਖਤਮ ਕਰ ਦੇਣਾ ਚਾਹੀਦਾ ਹੈ। ਇਸ ਤੋਂ ਪਹਿਲਾਂ ਕਿ ਆਯੁਸ਼ਮਾਨ ਭਾਰਤ ਕਾਰਡ ਬਜ਼ੁਰਗਾਂ ਲਈ ਮ੍ਰਿਗ ਤ੍ਰਿਸ਼ਨਾ ਬਣ ਜਾਵੇ ਅਤੇ ਇਸਦੀ ਮਦਦ ਨਾਲ ਇਲਾਜ ਲਈ ਹਸਪਤਾਲ ਪਹੁੰਚਣ ਵਾਲਿਆਂ ਨਾਲ ਕੁਝ ਅਣਸੁਖਾਵਾਂ ਵਾਪਰ ਜਾਵੇ, ਸਰਕਾਰ ਨੂੰ ਇਸ ਬਾਰੇ ਪੂਰੀ ਅਤੇ ਵਿਸਤ੍ਰਿਤ ਜਾਣਕਾਰੀ ਲੋਕਾਂ ਨੂੰ ਪ੍ਰਦਾਨ ਕਰਨੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕੇਂਦਰ ਸਰਕਾਰ ਭਗਤ ਸਿੰਘ ਨੂੰ ਸ਼ਹੀਦ ਦਾ ਦਰਜਾ ਦੇਵੇ ਅਤੇ 23 ਮਾਰਚ ਨੂੰ ਰਾਸ਼ਟਰੀ ਛੁੱਟੀ ਐਲਾਨੇ: ਸਤਨਾਮ ਸਿੰਘ ਗੰਭੀਰ



**ਨਵੀਂ ਦਿੱਲੀ 19 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪੂਰਬੀ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਇੱਕ ਵਾਰ ਫਿਰ ਭਾਰਤ ਦੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖ ਕੇ ਕਿਹਾ ਕਿ ਦੇਸ਼ ਦਾ ਹਰ ਬੱਚਾ ਭਗਤ ਸਿੰਘ ਦੇ ਨਾਮ ਤੋਂ ਜਾਣੂ ਹੈ ਅਤੇ ਨੌਜਵਾਨ ਉਸ ਨੂੰ ਆਪਣਾ ਹੀਰੋ ਮੰਨਦੇ ਹਨ। ਉਨ੍ਹਾਂ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਛੋਟੀ ਉਮਰ ਵਿੱਚ ਆਪਣੀ ਜਾਨ ਕੁਰਬਾਨ ਕਰ ਦਿੱਤੀ, ਜੋ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਗਿਆ ਹੈ। ਬੜੇ ਅਫਸੋਸ ਦੀ ਗੱਲ ਹੈ ਕਿ ਅੱਜ ਵੀ ਉਨ੍ਹਾਂ ਨੂੰ ਸਰਕਾਰੀ ਦਸਤਾਵੇਜ਼ਾਂ 'ਤੇ ਸ਼ਹੀਦ ਦਾ ਦਰਜਾ ਨਹੀਂ ਮਿਲਦਾ, ਜੋ ਕਿ ਹੈਰਾਨੀਜਨਕ ਜਾਪਦਾ ਹੈ। ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਭਾਰਤ ਸਰਕਾਰ ਤੋਂ ਮੰਗ ਕਰਦੀ ਹੈ ਕਿ ਦੇਸ਼ ਦੀ ਆਜ਼ਾਦੀ ਲਈ ਹੱਸਦੇ-ਹੱਸਦੇ ਫਾਂਸੀ 'ਤੇ ਚੜ੍ਹੇ ਭਗਤ ਸਿੰਘ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ ਅਤੇ 23 ਮਾਰਚ ਨੂੰ ਕੌਮੀ ਛੁੱਟੀ ਐਲਾਨ ਕੇ ਭਗਤ ਸਿੰਘ ਨੂੰ ਸੱਚੀ ਸ਼ਰਧਾਂਜਲੀ ਦਿੱਤੀ ਜਾਵੇ ਤਾਂ ਜੋ ਅੱਜ ਦਾ ਨੌਜਵਾਨ ਆਪਣੇ ਆਪ ਨੂੰ ਠੱਗਿਆ ਮਹਿਸੂਸ ਨਾ ਕਰੇ। ਗੰਭੀਰ ਨੇ ਕਿਹਾ ਕਿ ਜਦੋਂ ਤੱਕ ਭਗਤ ਸਿੰਘ ਨੂੰ ਸ਼ਹੀਦ ਦਾ ਦਰਜਾ ਨਹੀਂ ਦਿੱਤਾ ਜਾਂਦਾ ਅਤੇ 23 ਮਾਰਚ ਨੂੰ ਰਾਸ਼ਟਰੀ ਛੁੱਟੀ ਐਲਾਨੀ ਜਾਂਦੀ ਹੈ ਤਦ ਤਕ ਸਾਡਾ ਸੰਘਰਸ਼ ਜਾਰੀ ਰਹੇਗਾ।

## ਹਿਮਾਚਲ ਦੇ ਕੁਲੂ ਸ਼ਹਿਰ ਵਿਚ ਸੰਤ ਗਿਆਨੀ ਜਰਨੈਲ ਸਿੰਘ ਦੀ ਤਸਵੀਰ ਤੇ ਨਿਸ਼ਾਨ ਸਾਹਿਬ ਦਾ ਅਪਮਾਨ ਕਰਨ ਵਾਲੇ ਘਟੀਆ ਅਨਸਰ ਬਾਜ ਆਉਣ—ਸੰਤ ਗਿਆਨੀ ਸੁਖਦੇਵ ਸਿੰਘ ਖਾਲਸਾ



ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਹਿਮਾਚਲ ਦੇ ਕੁਲੂ ਸ਼ਹਿਰ ਵਿਚ ਸੰਤ ਗਿਆਨੀ ਜਰਨੈਲ ਸਿੰਘ ਜੀ ਦੀ ਤਸਵੀਰ ਅਤੇ ਨਿਸ਼ਾਨ ਸਾਹਿਬ ਦਾ ਅਪਮਾਨ ਕਰਨ ਵਾਲੇ ਘਟੀਆ ਅਨਸਰ ਬਾਜ ਆਉਣ। ਇਸ ਨਾਲ ਫਿਰਕਾਪ੍ਰਸਤੀਆਂ ਹਿੰਦੂ ਅਤੇ ਸਿੱਖਾਂ ਵਿਚ ਪਾੜਾ ਪਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਜ਼ੋ ਕਿਕ ਦੇ ਵੀ ਸਹਿਣਯੋਗ ਨਹੀਂ ਹੈ, ਕਿਉਂਕਿ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਜ਼ੋ ਕਿ ਹਿੰਦੂ ਸਿੱਖ ਏਕਤਾ ਹਮੇਸ਼ਾ ਬਣਾਉਣਾ ਚਾਹੁੰਦੇ ਸਨ ਅਤੇ ਉਨ੍ਹਾਂ ਹਿੰਦੂਆਂ ਦੀਆਂ ਬਹੂ—ਬੇਟੀਆਂ ਦੇ ਹਜ਼ਾਰਾਂ ਦੀ ਤਦਾਦ ਵਿਚ ਘਰ ਵਸਾਏ। ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਅੱਗੇ ਦੱਸਿਆ ਕਿ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਦੀ ਫੋਟੋ ਤੇ ਕਿਸੇ ਵੀ ਸੂਬੇ ਨੇ ਬੈਨ ਨਹੀਂ ਲਾਇਆ ਹੈ, ਪਰ ਫਿਰ ਹਿਮਾਚਲ ਪ੍ਰਦੇਸ਼ ਦੀਆਂ ਸੜਕਾਂ ਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਫੋਟੋਆਂ ਵਾਲੇ ਸਟਿਕਰ ਅਤੇ ਝੰਡੇ ਲਾਹੁਣ ਦਾ ਮਾਮਲਾ ਹੁਣ ਭਖਦਾ ਹੋਇਆ ਨਜ਼ਰ ਆ ਰਿਹਾ ਹੈ, ਕਿਉਂਕਿ ਹਰ ਇਕ ਧਰਮ ਦਾ ਸਤਿਕਾਰ ਹੋਣਾ ਚਾਹੀਦਾ ਹੈ, ਜਦ ਕਿ ਪੰਜਾਬ ਵਿਚ ਵੀ ਹਿਮਾਚਲ ਦੇ ਵੱਡੀ ਗਿਣਤੀ ਨਿਵਾਸੀ ਹਨ, ਜ਼ੋ ਭੈਣ ਅਤੇ ਭਰਾ ਆਪਸੀ ਭਾਈਚਾਰਕ ਸਾਂਝ ਦਾ ਪ੍ਰਤੀਕ ਹਨ ਅਤੇ ਪੰਜਾਬ ਵਿਚ ਕਦੇ ਵੀ ਨਿਵਾਸੀਆਂ ਨਾਲ ਘਟਨਾ ਨਹੀਂ ਵਾਪਰੀ, ਫਿਰ ਪੰਜਾਬ ਵਾਸੀਆਂ ਨਾਲ ਹਿਮਾਚਲ ਜਾਣ ਤੇ ਇਸ ਤਰ੍ਹਾਂ ਦੀ ਘਟਨਾ ਵਾਪਰੀ, ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਹਿਮਾਚਲ ਦੇ ਮੁੱਖ ਮੰਤਰੀ ਨੂੰ ਕਿਹਾ ਕਿ ਇਹੋ ਜਿਹੇ ਲਾਬੂ ਲਾਉਣ ਵਾਲੇ ਅਨਸਰਾਂ ਤੇ ਸਖਤ ਤੋਂ ਸਖਤ ਕਾਰਵਾਈ ਕਰਕੇ ਇਨ੍ਹਾਂ ਨੂੰ ਸਖਤ ਤੋਂ ਸਖਤ ਸਜਾ ਦੇਣ, ਜੇਕਰ ਹਿਮਾਚਲ ਸਰਕਾਰ ਨੇ ਇਨ੍ਹਾਂ ਭੈੜੇ ਅਨਸਰਾਂ ਖਿਲਾਫ ਕੋਈ ਕਾਰਵਾਈ ਨਾ ਕੀਤੀ ਤਾਂ ਆਉਣ ਵਾਲਾ ਸਮਾਂ ਬਹੁਤ ਭਿਆਨਕ ਹੋਵੇਗਾ, ਜਿਸ ਦੀ ਸਾਰੀ ਜਿੰਮੇਵਾਰੀ ਹਿਮਾਚਲ ਸਰਕਾਰ ਦੀ ਹੋਵੇਗੀ।

## ਗੁਰੂ ਸਾਹਿਬ ਦੇ ਹੁਕਮਾਂ ਦੀ ਹੋਵੇ ਪਾਲਣਾ : ਸੰਤ ਬਾਬਾ ਸੁੱਚਾ ਸਿੰਘ



ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਰਾਤ ਦੇ ਹਨੇਰੇ ਵਿਚ ਅਕਾਲ ਤਖਤ ਦੇ ਥਾਪੇ ਜਥੇਦਾਰ ਵਿਰੁੱਧ ਲਗਾਤਾਰ ਲੋਕ ਲਹਿਰ ਖੜ੍ਹੀ ਹੁੰਦੀ ਜਾ ਰਹੀ ਹੈ ਅਤੇ ਇਸੀ ਦੇ ਚਲਦਿਆਂ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਤਖਤ ਸ੍ਰੀ ਕੇਸ਼ਗੜ੍ਹ ਸਾਹਿਬ ਜੀ ਦੀ ਮਰਿਆਦਾ ਦੀ ਹੋਈ ਉਲੰਘਣਾ ਵਿਰੁੱਧ ਸੰਗਤਾਂ ਨੂੰ ਲਾਮਬੰਦ ਹੋਣ ਦਾ ਸੱਦਾ ਦਿੱਤਾ ਹੈ। ਇਸ ਵਿਰੁੱਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇਦਾਰ ਸ੍ਰੀ ਪ੍ਰੀਤਮ ਸਿੰਘ ਮਲਸੀਆ ਨੂੰ ਇਕ ਮੰਗ ਪੱਤਰ ਸੰਤ ਬਾਬਾ ਸੁੱਚਾ ਸਿੰਘ ਪ੍ਰਬੰਧਕ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੀ ਅਗਵਾਈ ਹੇਠ ਦਿੱਤਾ ਗਿਆ। ਇਸ ਮੌਕੇ ਸੰਤ ਬਾਬਾ ਸੁੱਚਾ ਸਿੰਘ ਜੀ ਦੇ ਨਾਲ ਉਨ੍ਹਾਂ ਦੇ ਸੇਵਾਦਾਰ ਬਾਬਾ ਗੁਰਮੇਲ ਸਿੰਘ ਅਰਜਨ, ਭਾਈ ਗੁਰਭੇਜ਼ ਸਿੰਘ, ਭਾਈ ਮੌੜ ਸਿੰਘ ਅਤੇ ਭਾਈ ਦਰਸ਼ਨ ਸਿੰਘ, ਭਾਈ ਰਛਪਾਲ ਸਿੰਘ ਦਮਦਮੀ ਟਕਸਾਲ ਭਾਈ ਵੀਰਪਾਲ ਸਿੰਘ, ਭਾਈ ਲਵਪ੍ਰੀਤ ਸਿੰਘ ਦਮਦਮੀ ਟਕਸਾਲ, ਭਾਈ ਗੁਰਵਿੰਦਰ ਸਿੰਘ, ਰਵਿੰਦਰ ਸਿੰਘ ਬਾਬਾ ਸ਼ੇਰ ਸਿੰਘ ਸਰਪੰਚ ਸੁਖਦੇਵ ਸਿੰਘ ਗੁਰਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਇਲਾਕੇ ਦੀ ਸੰਗਤ ਹਾਜ਼ਰ ਸੀ। ਮੰਗ ਪੱਤਰ ਦੇਣ ਉਪਰੰਤ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਗੁਰੂ ਦੇ ਸਿਧਾਂਤਾਂ ਦੀ ਮਰਿਆਦਾ ਕਿਸੇ ਵੀ ਕੀਮਤ ਤੇ ਭੰਗ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ੋ ਜਥੇਦਾਰ ਰਾਤ ਦੇ ਹਨੇਰੇ ਵਿਚ ਲਗਾਏ ਗਏ ਹਨ, ਅਸੀਂ ਉਨ੍ਹਾਂ ਵਿਰੁੱਧ ਆਵਾਜ਼ ਬੁਲੰਦ ਕਰਦੇ ਹਾਂ ਅਤੇ ਸਰਵਉੱਚ ਸ਼੍ਰੋਮਣੀ ਕਮੇਟੀ ਨੂੰ ਅਪੀਲ ਕਰਦੇ ਹਾਂ ਕਿ ਕੌਮ ਦੇ ਜਥੇਦਾਰਾਂ ਨੂੰ ਚੜ੍ਹਦੀ ਕਲਾਂ ਵਿਚ ਸੰਗਤਾਂ ਹਾਜ਼ਰੀ ਦੌਰਾਨ ਥਾਪਿਆ ਜਾਵੇ ਤਾਂ ਜ਼ੋ ਕੌਮ ਦੀ ਚੜ੍ਹਦੀ ਕਲਾਂ ਦੀ ਕਾਮਨਾ ਕੀਤੀ ਜਾ ਸਕੇ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ ਜੀ



## ਹੋਲੇ ਮਹੱਲੇ ਸਮਰਪਿਤ

# ਨਗਰ ਕੀਰਤਨ

## ਸਜਾਇਆ ਜਾਵੇਗਾ

# ਐਤਵਾਰ 30 ਮਾਰਚ 2025

**ਗੁਰਤਾਗੱਦੀ ਦਿਵਸ : ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ।**

**ਗੁਰਤਾਗੱਦੀ ਦਿਵਸ : ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ**

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਪਰਿਵਾਰਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☚ਸਮੂਹ ਸਾਧ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਵੱਧ ਤੋਂ ਵੱਧ ਸਾਕ ਸਬੰਧੀਆਂ ਰਿਸ਼ਤੇਦਾਰਾਂ ਦੋਸਤਾਂ-ਮਿੱਤਰਾਂ ਨੂੰ ਸ਼ੇਅਰ ਜ਼ਰੂਰੀ ਕਰੋ

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਕਰੋ ਕਿਰਪਾ ਨਿਧਿ ਬਚਨ ਅਮੋਲਾ ॥ ਔਰਨ ਕੀ ਹੋਲੀ ਮਮ ਹੋਲਾ ॥
ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ
ਦਮਦਮੀ ਟਕਸਾਲ ਇਟਲੀ
ਘੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਹੋਲੇ ਮਹੱਲੇ ਨੂੰ ਸਮਰਪਿਤ
ਮਹਾਨ ਨਗਰ ਕੀਰਤਨ
30 ਮਾਰਚ 2025 ਦਿਨ ਐਤਵਾਰ ਨੂੰ ਸਜਾਏ ਜਾ ਰਹੇ ਹਨ|
ਸਮਾਂ : 12 ਵਜੇ ਤੋ ਸ਼ਾਮ 5 ਵਜੇ ਤੱਕ
ਆਪ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਪੁਹੁੰਚਣ ਦੀ ਕਿਰਪਾਲਤਾ ਕਰਨੀ|
ਕੌਮ ਦੇ ਮਹਾਨ ਰਾਗੀ ਢਾਡੀ, ਕਥਾਵਾਚਕ ਪੁਹੁੰਚ ਰਹੇ ਹਨ|
ਆਵਾਜ਼ਿ ਕੌਮ AWAZE QAUM
International Newspaper & WEB TV
VIA GIACOMO MATTEOTTI N.3
CASALMORANO, CR, 26020, IT
EMAIL: GUR.DAMDAMITAKSAALITALY@GMAIL.COM
CALL +393475711755 / 3208124778

### ਖਹਿਰਾ ਵੱਲੋਂ ਭਗਵੰਤ ਮਾਨ ਸਰਕਾਰ ਦੀ

# ਤਾਨਾਸ਼ਾਹੀ ਕਾਰਵਾਈ ਦੀ ਤਿੱਖੀ ਨਿੰਦਾ

**ਚੰਡੀਗੜ੍ਹ/ਜਲੰਧਰ, 19 ਮਾਰਚ (ਆਵਾਜ਼ਿ ਕੌਮ ਬਿਊਰੋ)-** ਸੀਨੀਅਰ ਕਾਂਗਰਸੀ ਆਗੂ ਅਤੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨ ਆਗੂ ਜਗਜੀਤ ਸਿੰਘ ਦੱਲੇਵਾਲ ਅਤੇ ਸਰਬਜੀਤ ਸਿੰਘ ਪੰਧੇਰ ਦੀ ਜ਼ਬਰਦਸਤੀ ਅਤੇ ਅਲੋਕਤਾਂਤਰਿਕ ਗ੍ਰਿਫ਼ਤਾਰੀ ਦੀ ਕੜੀ ਨਿੰਦਿਆ ਕੀਤੀ ਹੈ। ਉਨ੍ਹਾਂ ਨੇ ਇਸ ਨੂੰ ਸ਼ਰਮਨਾਕ ਸਿਆਸੀ ਜ਼ੁਲਮ ਕਰਾਰ ਦਿੰਦਿਆਂ ਕਿਹਾ ਕਿ ਇਹ ਕਾਰਵਾਈ ਮਾਨ ਸਰਕਾਰ ਦੀ ਕਿਸਾਨ-ਵਿਰੋਧੀ ਅਤੇ ਤਾਨਾਸ਼ਾਹੀ ਸੋਚ ਨੂੰ ਉਘਾਰਦੀ ਹੈ। "ਇਹ ਬਹੁਤ ਹੀ ਸ਼ਰਮਨਾਕ ਹੈ ਕਿ ਪੰਜਾਬ ਦੇ ਕਿਸਾਨਾਂ ਦੇ ਅਸਲ ਮੁੱਦੇ ਜਿਵੇਂ ਕਿ ਨਿਊਨਤਮ ਸਮਰਥਨ ਮੁੱਲ (MSP) ਦੀ ਗਰੰਟੀ, ਵੱਧ ਰਹੀ ਕਰਜ਼ੇਦਾਰੀ ਅਤੇ ਕਾਰਪੋਰੇਟ ਸ਼ੋਸ਼ਣ - ਨੂੰ ਹੱਲ ਕਰਨ ਦੀ ਬਜਾਏ, ਆਮ ਆਦਮੀ ਪਾਰਟੀ ਸਰਕਾਰ ਨੇ ਕਿਸਾਨਾਂ ਦੇ ਲੋਕਤੰਤਰਿਕ ਹੱਕ ਨੂੰ ਦਬਾਉਣ ਲਈ ਜ਼ਬਰਦਸਤੀ ਦੀ ਰਾਹ ਲੱਭੀ ਹੈ। ਇਹ ਖੇਤੀਬਾੜੀ ਅਰਥਤੰਤਰ ਦੀ ਰਾਖੀ ਕਰ ਰਹੀਆਂ ਆਵਾਜ਼ਾਂ ਨੂੰ ਖ਼ਾਮੋਸ਼ ਕਰਨ ਦੀ ਕੋਸ਼ਿਸ਼ ਹੈ, ਜੋ ਪੰਜਾਬ ਦੇ ਕਿਸਾਨਾਂ ਨਾਲ ਵੱਡਾ ਵਿਸ਼ਵਾਸਘਾਤ ਹੈ," ਖਹਿਰਾ ਨੇ ਕਿਹਾ।



**AAP-BJP ਗਠਜੋੜ, ਕਿਸਾਨਾਂ ਦੀ ਆਵਾਜ਼ ਨੂੰ ਰੌਂਦਣ ਦੀ ਸਾਜ਼ਿਸ਼ :** ਖਹਿਰਾ ਨੇ ਭਗਵੰਤ ਮਾਨ ਸਰਕਾਰ 'ਤੇ ਦੋਸ਼ ਲਗਾਇਆ ਕਿ ਉਹ BJP-ਅਗਵਾਈ ਵਾਲੀ ਕੇਂਦਰੀ ਸਰਕਾਰ ਦੀ ਕਠਪੁਤਲੀ ਬਣ ਚੁੱਕੀ ਹੈ, ਜੋ 2020-21 ਦੇ ਇਤਿਹਾਸਕ ਕਿਸਾਨ ਅੰਦੋਲਨ ਤੋਂ ਬਾਅਦ ਹੀ ਕਿਸਾਨਾਂ ਦੀ ਇਕਤਾ ਨੂੰ ਤੋੜਨ ਦੀ ਕੋਸ਼ਿਸ਼ ਕਰ ਰਹੀ ਹੈ। "ਕਿਸਾਨ ਆਗੂਆਂ ਦੀ ਬੇਬੁਨਿਆਦ ਗ੍ਰਿਫ਼ਤਾਰੀ ਕਰਕੇ, ਭਗਵੰਤ ਮਾਨ ਨੇ ਦਿੱਲੀ ਦੀ ਗੁਲਾਮੀ ਸਾਬਤ ਕਰ ਦਿੱਤੀ ਹੈ। ਹੁਣ ਇਹ ਪੂਰੀ ਤਰ੍ਹਾਂ ਸਾਫ਼ ਹੋ ਗਿਆ ਹੈ ਕਿ AAP ਨੇ BJP ਨਾਲ ਗੱਠਜੋੜ ਕਰ ਲਿਆ ਹੈ ਅਤੇ ਉਹ ਪੰਜਾਬ ਦੇ ਕਿਸਾਨਾਂ ਦੀ ਆਵਾਜ਼ ਨੂੰ ਦਬਾਉਣ ਲਈ ਮੋਦੀ ਸਰਕਾਰ ਦੇ ਹੁਕਮ 'ਤੇ ਕੰਮ ਕਰ ਰਹੀ ਹੈ," ਉਨ੍ਹਾਂ ਨੇ ਦੋਸ਼ ਲਗਾਇਆ।

**ਕਿਸਾਨ ਡਰਣ ਵਾਲੇ ਨਹੀਂ, ਇਹ ਲਹਿਰ ਹੁਣ ਹੋਰ ਵਧੇਗੀ :** ਖਹਿਰਾ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਇਹ ਗ੍ਰਿਫ਼ਤਾਰੀਆਂ ਕਿਸਾਨਾਂ ਦੀ ਆਵਾਜ਼ ਨੂੰ ਦਬਾਉਣ ਦੀ ਬਜਾਏ ਉਨ੍ਹਾਂ ਦੀ ਲੜਾਈ ਨੂੰ ਹੋਰ ਤਾਕਤ ਦੇਣਗੀਆਂ। "ਕਿਸਾਨ ਪੰਜਾਬ ਦੀ ਰੂਹ ਹਨ। ਕੋਈ ਵੀ ਸਰਕਾਰੀ ਜ਼ੁਲਮ ਉਨ੍ਹਾਂ ਦੀ ਆਵਾਜ਼ ਨੂੰ ਬੰਦ ਨਹੀਂ ਕਰ ਸਕਦਾ। ਪੰਜਾਬ ਦੇ ਲੋਕ ਭਗਵੰਤ ਮਾਨ ਅਤੇ AAP ਨੂੰ ਕਦੇ ਮਾਫ਼ ਨਹੀਂ ਕਰਨਗੇ, ਜਿਨ੍ਹਾਂ ਨੇ ਉਨ੍ਹਾਂ ਕਿਸਾਨਾਂ ਵਿਰੁੱਧ ਕਾਰਵਾਈ ਕੀਤੀ ਜੋ ਦੇਸ਼ ਦੀਆਂ ਜੇਬਾਂ ਭਰਦੇ ਹਨ," ਉਨ੍ਹਾਂ ਨੇ ਕਿਹਾ।

**ਭਗਵੰਤ ਮਾਨ ਸਰਕਾਰ ਨੇ ਲੋਕਤੰਤਰ ਦਾ ਕਤਲ ਕੀਤਾ :** ਖਹਿਰਾ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਕਾਰਵਾਈ ਸੰਵਿਧਾਨਿਕ ਹੱਕਾਂ ਸ਼ਾਂਤੀਪੂਰਨ ਪ੍ਰਦਰਸ਼ਨ ਅਤੇ ਵਿਚਾਰ ਪ੍ਰਗਟਾਉਣ ਦੀ ਆਜ਼ਾਦੀ ਦੀ ਖੁੱਲ੍ਹੀ ਉਲੰਘਣਾ ਹੈ। "ਇਹ ਪੰਜਾਬ ਦੇ ਲੋਕਤੰਤਰ ਲਈ ਇੱਕ ਕਾਲਾ ਦਿਨ ਹੈ। ਜੋ ਸਰਕਾਰ ਲੋਕਾਂ ਦੀ ਆਵਾਜ਼ ਬਣਨ ਦਾ ਦਾਅਵਾ ਕਰਦੀ ਸੀ, ਉਹ ਹੁਣ ਇਕ ਤਾਨਾਸ਼ਾਹੀ ਹਥਿਆਰ ਬਣ ਗਈ ਹੈ, ਜੋ ਵਿਰੋਧੀ ਧਿਰ ਦੀ ਆਵਾਜ਼ ਨੂੰ ਦਬਾਉਣ ਲਈ ਜ਼ਬਰ ਕਰ ਰਹੀ ਹੈ," ਖਹਿਰਾ ਨੇ ਆਰੋਪ ਲਗਾਇਆ।

**ਤੁਰੰਤ ਰਿਹਾਈ ਦੀ ਮੰਗ, ਰਾਜਸੱਤਾਈ ਦਬਾਅ ਖ਼ਤਮ ਕਰਨ ਦੀ ਅਪੀਲ :** ਖਹਿਰਾ ਨੇ ਜਗਜੀਤ ਸਿੰਘ ਦੱਲੇਵਾਲ ਅਤੇ ਸਰਬਜੀਤ ਸਿੰਘ ਪੰਧੇਰ ਦੀ ਤੁਰੰਤ ਅਤੇ ਬੇਸ਼ਰਤ ਰਿਹਾਈ ਦੀ ਮੰਗ ਕੀਤੀ, ਨਾਲ ਹੀ ਉਨ੍ਹਾਂ ਸਭ ਕਿਸਾਨਾਂ ਦੀ ਵੀ ਜ਼ਮਾਨਤ ਦੀ ਮੰਗ ਕੀਤੀ ਜਿਨ੍ਹਾਂ ਨੂੰ ਆਪਣੇ ਹੱਕਾਂ ਦੀ ਗੁਹਾਰ ਲਾਉਣ ਕਾਰਨ ਗਿਰਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਨੇ ਸਭ ਲੋਕਤੰਤਰਿਕ ਤਾਕਤਾਂ, ਕਿਸਾਨ ਸੰਘਠਨਾਂ, ਨਾਗਰਿਕ ਹੱਕ ਗਰੁੱਪਾਂ ਅਤੇ ਵਿਰੋਧੀ ਧਿਰ ਨੂੰ ਇਕੱਠੇ ਹੋਣ ਦੀ ਅਪੀਲ ਕੀਤੀ ਤਾਂ ਕਿ ਇਸ ਕਿਸਾਨ-ਵਿਰੋਧੀ ਅਤੇ ਲੋਕਤੰਤਰ ਵਿਰੋਧੀ ਸਰਕਾਰ ਦਾ ਖ਼ਾਤਮਾ ਕੀਤਾ ਜਾ ਸਕੇ।

> **ਕਿਸਾਨ ਆਗੂ ਜਗਜੀਤ ਸਿੰਘ ਦੱਲੇਵਾਲ ਅਤੇ ਸਰਬਜੀਤ ਸਿੰਘ ਪੰਧੇਰ ਦੀ ਗ੍ਰਿਫ਼ਤਾਰੀ ਨੂੰ ਲੋਕਤੰਤਰ ਅਤੇ ਕਿਸਾਨ ਹੱਕਾਂ 'ਤੇ ਸਿੱਧਾ ਹਮਲਾ ਕਰਾਰ ਦਿੱਤਾ**

"ਭਗਵੰਤ ਮਾਨ ਸਰਕਾਰ ਨੂੰ ਇਹ ਸਮਝਣਾ ਪਵੇਗਾ ਕਿ ਪੰਜਾਬ ਦੇ ਕਿਸਾਨ ਨਾ ਤਾਂ ਕਦੇ ਡਰੇ ਹਨ, ਨਾ ਹੀ ਉਹ ਅਲਹਿਦਾ ਹਨ। ਕਿਸਾਨਾਂ ਦੀ ਆਵਾਜ਼ ਨੂੰ ਦਬਾਉਣ ਦੀ ਹਰ ਕੋਸ਼ਿਸ਼ ਪੰਜਾਬ ਭਰ ਵਿੱਚ ਵੱਡੀ ਰਜ਼ਾਮੰਦ ਨਾ ਮਨਜ਼ੂਰੀ ਨੂੰ ਜਨਮ ਦੇਵੇਗੀ। ਅਸੀਂ ਇਨਸਾਫ਼ ਮਿਲਣ ਤਕ ਆਰਾਮ ਨਹੀਂ ਕਰਾਂਗੇ, ਅਤੇ ਜਿੰਨ੍ਹਾਂ ਨੇ ਇਹ ਜ਼ੁਲਮ ਕੀਤਾ ਹੈ, ਉਨ੍ਹਾਂ ਨੂੰ ਜਵਾਬਦੇਹ ਬਣਾਇਆ ਜਾਵੇਗਾ," ਖਹਿਰਾ ਨੇ ਕਿਹਾ।

### ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ

# ਪੰਜਾਬ ਪੁਲਿਸ ਸਟੇਟ ਬਣਨ ਵੱਲ ਵਧ ਰਿਹਾ ਹੈ

**ਸ੍ਰੀ ਅੰਮ੍ਰਿਤਸਰ, 19 ਮਾਰਚ (ਆਵਾਜ਼ਿ ਕੌਮ ਬਿਊਰੋ)-** ਸ੍ਰੋਮਣੀ ਕਮੇਟੀ ਵੱਲੋਂ ਨਿਯੁਕਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਇੱਕ ਲਿਖਤੀ ਪ੍ਰੈੱਸ ਬਿਆਨ ਵਿੱਚ ਕਿਹਾ ਹੈ ਕਿ ਪੰਜਾਬ ਪੁਲਿਸ ਸਟੇਟ ਬਣਨ ਵੱਲ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਗੁਰਬਾਣੀ ਅੰਦਰ ਫੁਰਮਾਣ ਹੈ; ਕਿਰਸਾਣੀ ਕਿਰਸਾਣੁ ਕਰੇ ਲੋਚੈ ਜੀਉ ਲਾਇ ॥ ਹਲੁ ਜੋਤੈ ਉਦਮੁ ਕਰੇ ਮੇਰਾ ਪੁਤੁ ਧੀ ਖਾਇ ॥ ਭਾਵ ਕਿ ਕਿਸਾਨ ਆਪਣੇ ਪਰਿਵਾਰ ਲਈ ਤੇ ਆਪਣੇ ਸਮਾਜ ਦੇ ਢਿੱਡ ਭਰਨ ਲਈ ਕਿਰਤ ਕਰਦਾ ਹੈ। ਪਰ ਅੱਜ ਜੋ ਵਰਤਾਰਾ ਵਾਪਰ ਰਿਹਾ ਹੈ, ਜਿਸ ਤਰ੍ਹਾਂ ਗੱਲਬਾਤ ਕਰਕੇ ਆ ਰਹੇ ਕਿਸਾਨ ਆਗੂਆਂ ਨੂੰ ਪੁਲਿਸ ਵਲੋਂ ਹਿਰਾਸਤ ਵਿੱਚ ਲਿਆ ਗਿਆ ਹੈ ਤੇ ਧਰਨਾਕਾਰੀ ਕਿਸਾਨਾਂ ਖਿਲਾਫ਼ ਵੱਡਾ ਐਕਸ਼ਨ ਕਰਕੇ ਉਨ੍ਹਾਂ ਦੇ ਧਰਨਿਆਂ ਨੂੰ ਪੁੱਟਿਆ ਗਿਆ ਹੈ, ਇਹ ਸਭ ਜੋ ਪੰਜਾਬ ਵਿੱਚ ਪਿਛਲੇ ਕੁਝ ਸਮੇਂ ਤੋਂ ਚੱਲ ਰਿਹਾ ਹੈ ਉਸੇ ਕੜੀ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਧਰਨਿਆਂ ਵਿੱਚੋਂ ਨਿਕਲੀ ਸਰਕਾਰ ਹੀ ਅੱਜ ਜਮਹੂਰੀ ਕਦਰਾਂ ਕੀਮਤਾਂ ਨੂੰ ਦਬਾਉਣ ਉੱਤੇ ਤੁਰੀ ਹੋਈ ਹੈ।



ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਵੱਡਾ ਸਵਾਲ ਇਹ ਹੈ ਕਿ ਜਦੋਂ ਭਾਰਤ ਅੰਦਰ ਸੰਵਿਧਾਨਕ ਲੋਕਤੰਤਰ ਤੇ ਨਿਆਂ ਦੀ ਵਿਵਸਥਾ ਹੈ ਤਾਂ ਉਸਦੀ ਬਜਾਏ ਇਸ ਤਰ੍ਹਾਂ ਸ਼ਰੇਆਮ ਅਣਮਨੁੱਖੀ ਤਰੀਕੇ ਦੀਆਂ ਕਾਰਵਾਈਆਂ ਕਰਨਾ ਕਿਸ ਲੋਕਤੰਤਰ ਤੇ ਨਿਆਂ ਤੰਤਰ ਦਾ ਹਿੱਸਾ ਹੈ? ਹਾਲਾਂਕਿ ਇਸ ਨਿਆਂ ਤੰਤਰ ਨੇ ਸਿੱਖਾਂ ਨੂੰ ਕਦੇ ਵੀ ਇਨਸਾਫ਼ ਨਹੀਂ ਦਿੱਤਾ ਪਰ ਜਿੰਨਾ ਕੁ ਵੀ ਨਿਆਂ ਦਾ ਪ੍ਰਬੰਧ ਹੈ, ਉਸਦੀ ਬਜਾਏ ਪੁਲਿਸ ਹੀ ਅਦਾਲਤ ਕਿਉਂ ਬਣੀ ਹੋਈ ਹੈ?

ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖਾਂ ਦਾ ਤਜਰਬਾ ਹੈ ਕਿ ਅੰਗਰੇਜ਼ੀ ਸ਼ਾਸਨ ਤੋਂ ਲੈਕੇ ਹੁਣ ਤੱਕ ਜਦੋਂ ਵੀ ਪੁਲਿਸ ਨੂੰ ਬੇਰੋਕ ਤਾਕਤਾਂ ਮਿਲੀਆਂ ਹਨ ਤਾਂ ਇਸ ਨਾਲ ਆਮ ਲੋਕਾਂ ਦਾ ਘਾਣ ਹੋਇਆ ਹੈ। ਇਸਦੀ ਮਿਸਾਲ ਸਾਡੇ ਸਾਹਮਣੇ ਹੈ ਕਿ ਤੀਹ, ਪੈਂਤੀ ਸਾਲ ਪਹਿਲਾਂ ਜਦੋਂ ਪੁਲਿਸ ਨੂੰ ਲੋੜੋਂ ਵੱਧ ਤਾਕਤਾਂ ਮਿਲੀਆਂ ਤਾਂ ਉਸ ਦੀ ਦੁਰਵਰਤੋਂ ਕਰਦਿਆਂ ਸਿੱਖ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲੇ ਕੀਤੇ ਗਏ ਅਤੇ ਉਨ੍ਹਾਂ ਕੇਸਾਂ ਵਿੱਚ ਅੱਜ ਸੀਬੀਆਈ ਅਦਾਲਤਾਂ ਵਿੱਚ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਸਜ਼ਾਵਾਂ ਹੋ ਰਹੀਆਂ ਹਨ ਪਰ ਅੱਜ ਫੇਰ ਉਹੀ ਮਾਹੌਲ ਬਣਾਇਆ ਜਾ ਰਿਹਾ ਹੈ। ਅੱਜ ਵੀ ਅਜਿਹੇ ਝੂਠੇ ਪੁਲਿਸ ਮੁਕਾਬਲੇ ਬਣਾਏ ਜਾ ਰਹੇ ਹਨ, ਨੌਜਵਾਨਾਂ ਦਾ ਸ਼ਿਕਾਰ ਖੇਡਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਫੌਜ ਦੇ ਇੱਕ ਕਰਨਲ ਤੇ ਉਸਦੇ ਪਰਿਵਾਰ 'ਤੇ ਪੁਲਿਸ ਦਾ ਤਸ਼ੱਦਦ ਢਾਹਿਆ ਗਿਆ ਤੇ ਸਾਬਕਾ ਤੇ ਮੌਜੂਦਾ ਫੌਜੀ ਅਧਿਕਾਰੀਆਂ ਵੱਲੋਂ ਦਬਾਅ ਪੈਣ 'ਤੇ ਜਦੋਂ ਦੋਸ਼ੀ ਪੁਲਿਸ ਵਾਲਿਆਂ ਤੇ ਕਾਰਵਾਈ ਕਰਨੀ ਪੈ ਰਹੀ ਹੈ ਤੇ ਉਸ ਵਿੱਚ ਪੁਲਿਸ 'ਅਣਪਛਾਤੀ' ਹੋ ਗਈ। ਇਸੇ ਤਰ੍ਹਾਂ ਅੱਜ ਕਿਸਾਨਾਂ ਤੇ ਤਸ਼ੱਦਦ ਢਾਹੇ ਜਾ ਰਹੇ ਹਨ।

ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜੇਕਰ ਪੰਜਾਬ ਵਿੱਚ ਕਿਸਾਨਾਂ ਦੇ ਧਰਨੇ ਨਾਲ ਕੋਈ ਮਸਲਾ ਪੈਦਾ ਹੋ ਰਿਹਾ ਹੈ ਤਾਂ ਇਸਦਾ ਹੱਲ ਗੱਲਬਾਤ ਨਾਲ ਕੱਢਿਆ ਜਾਣਾ ਚਾਹੀਦਾ ਹੈ। ਕਿਉਂਕਿ ਹੁਣ ਤੱਕ ਸਾਰੀਆਂ ਪਾਰਟੀਆਂ ਕਿਸਾਨਾਂ ਦੇ ਧਰਨਿਆਂ ਵਿੱਚ ਵੀ ਜਾਂਦੀਆਂ ਰਹੀਆਂ ਹਨ ਤੇ ਉਨ੍ਹਾਂ ਤੋਂ ਸਮਰਥਨ ਵੀ ਲੈਂਦੀਆਂ ਰਹੀਆਂ ਹਨ ਤੇ ਅੱਜ ਉਨ੍ਹਾਂ ਹੀ ਕਿਸਾਨਾਂ 'ਤੇ ਚੜ੍ਹਾਈ ਕੀਤੀ ਜਾ ਰਹੀ ਹੈ। ਇਸ ਤਰ੍ਹਾਂ ਮਹਿਸੂਸ ਹੋ ਰਿਹਾ ਹੈ ਕਿ ਪੰਜਾਬ ਅੰਦਰ ਨਿਆਂਕਾਰੀ ਕਾਨੂੰਨ ਦਾ ਰਾਜ ਨਾ ਹੋ ਕੇ ਪੁਲਿਸ ਦਾ ਰਾਜ ਹੈ ਤੇ ਇਹ ਬਹੁਤ ਖ਼ਤਰਨਾਕ ਗੱਲ ਹੈ ਕਿਉਂਕਿ ਜਦੋਂ-ਜਦੋਂ ਵੀ ਪੰਜਾਬ ਅੰਦਰ ਪੁਲਿਸ ਦਾ ਰਾਜ ਹੋਇਆ ਹੈ। ਪੰਜਾਬ ਨੇ ਇੱਕ ਲੰਮਾ ਸੰਤਾਪ ਭੋਗਿਆ ਹੈ। ਉਨ੍ਹਾਂ ਕਿਹਾ ਕਿ ਗੁਰਬਾਣੀ ਦਾ ਫੁਰਮਾਣ ਹੈ; ਰਾਜੇ ਚੁਲੀ ਨਿਆਵ ਕੀ ਪੜਿਆ ਸਚੁ ਧਿਆਨੁ ॥ ਰਾਜੇ ਦਾ ਕੰਮ ਨਿਆਂ ਕਰਨਾ ਹੁੰਦਾ ਹੈ ਅਤੇ ਮੌਜੂਦਾ ਹਾਕਮ ਤਾਂ ਚੁਣੇ ਵੀ ਲੋਕਾਂ ਨੇ ਹੀ ਵੋਟਾਂ ਪਾ ਕੇ ਹਨ। ਇਸ ਲਈ ਜਿੰਨਾਂ ਨੇ ਵੋਟਾਂ ਪਾਈਆਂ ਹਨ ਉਨ੍ਹਾਂ ਨੂੰ ਨਿਆਂ ਦੇਣ ਦੀ ਥਾਂ ਜਬਰ ਕਰਨ ਤੋਂ ਸਰਕਾਰ ਗੁਰੇਜ਼ ਕਰੇ। ਸਰਕਾਰ ਇਹ ਗੱਲ ਚੇਤੇ ਰੱਖੇ ਕਿ ਕਿਸਾਨਾਂ ਦੇ ਧਰਨੇ ਨੂੰ ਇਸ ਤਰ੍ਹਾਂ ਪੁਲਿਸ ਜਬਰ ਨਾਲ ਚੁੱਕੇ ਜਾਣ ਦਾ ਪੰਜਾਬੀ ਮਨਾਂ ਉੱਪਰ ਗਹਿਰਾ ਤੇ ਮਾੜਾ ਪ੍ਰਭਾਵ ਪਵੇਗਾ।


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


# ਹਿਮਾਚਲ ਪ੍ਰਦੇਸ਼ ਵਿਚ ਖਾਲਸਾਈ ਨਿਸ਼ਾਨਾਂ ਤੇ ਸੰਤਾਂ ਦੀ ਫੋਟੋਆਂ ਦੀ ਬੇਅਦਬੀ ਵਿਰੁੱਧ ਕਾਰਵਾਈ ਦੀ ਮੰਗ



ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਮੁੱਖ ਮੰਤਰੀ ਪੰਜਾਬ ਸਮੇਤ ਡੀ.ਜੀ.ਪੀ ਪੰਜਾਬ ਅਤੇ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦਿੰਦਿਆਂ ਸਿੱਖ ਸੰਸਥਾਵਾਂ ਦੇ ਆਗੂਆਂ ਨੇ ਮੰਗ ਕੀਤੀ ਕਿ ਹਿਮਾਚਲ ਪ੍ਰਦੇਸ਼ ਵਿਚ ਖਾਲਸਾਈ ਨਿਸ਼ਾਨਾਂ ਅਤੇ ਸੰਤਾਂ ਦੀ ਫੋਟੋਆਂ ਦੀ ਹੋਈ ਬੇਅਦਬੀ ਵਿਰੁੱਧ ਬਿਨ੍ਹਾਂ ਦੇਰੀ ਕਾਰਵਾਈ ਕੀਤੀ ਜਾਵੇ। ਐਸ.ਐਸ.ਪੀ ਫ਼ਿਰੋਜ਼ਪੁਰ ਨੂੰ ਮੰਗ ਪੱਤਰ ਦਿੰਦਿਆਂ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਮੰਗ ਕੀਤੀ ਕਿ ਹਿਮਾਚਲ ਪ੍ਰਦੇਸ਼ ਵਿਚ ਸ਼ਰਾਰਤੀ ਅਨਸਰਾਂ ਵਿਰੁੱਧ ਜਲਦ ਤੋਂ ਜਲਦ ਕਾਰਵਾਈ ਕੀਤੀ ਜਾਵੇ। ਗੱਲਬਾਤ ਕਰਦਿਆਂ ਲਖਬੀਰ ਸਿੰਘ ਮਹਾਲਮ ਪੰਜਾਬ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਨੇ ਕਿਹਾ ਕਿ ਜੇਕਰ ਤੁਰੰਤ ਉਨ੍ਹਾਂ ਸ਼ਰਾਰਤੀ ਅਨਸਰਾਂ ਉਪਰ ਕਾਰਵਾਈ ਨਾ ਹੋਈ ਤਾਂ ਆਉਣ ਵਾਲੇ ਸਮੇਂ ਵਿਚ ਪੂਰੇ ਪੰਜਾਬ ਵਿਚ ਤਿੱਖੇ ਸੰਘਰਸ਼ ਵਿੱਢੇ ਜਾਣਗੇ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਸਮੇਤ, ਸਰਬੱਤ ਦਾ ਭਲਾ ਸੁਸਾਇਟੀ ਤੋਂ ਪ੍ਰਧਾਨ ਜਰਨੈਨ ਸਿੰਘ, ਅਕਾਲੀ ਦਲ ਵਾਰਸ ਪੰਜਾਬ ਜ਼ਸਬੀਰ ਸਿੰਘ ਭੁੱਲਰ, ਲਖਵਿੰਦਰ ਸਿੰਘ ਬੈਰਕਾਂ, ਸਤਿਕਾਰ ਕਮੇਟੀ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ, ਅਮਰ ਸਿੰਘ, ਕੁਲਦੀਪ ਸਿੰਘ, ਗੁਰਵਿੰਦਰ ਸਿੰਘ ਬੈਰਕਾਂ, ਰਾਜਵੀਰ ਸਿੰਘ ਬਿੱਟੂ, ਹਰਦਿਆਲ ਸਿੰਘ, ਦਲਜੀਤ ਸਿੰਘ ਮਹਾਲਮ, ਤੇਜਿੰਦਰ ਸਿੰਘ, ਗੁਰਲਾਲ ਸਿੰਘ, ਜਗਤਾਰ ਸਿੰਘ, ਬਲਕਾਰ ਸਿੰਘ,, ਜ਼ਸਪਾਲ ਸਿੰਘ, ਸਰਪੰਚ ਦਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਦਮਦਮੀ ਟਕਸਾਲ ਝੋਕ ਮੋਹੜੇ ਵੱਲੋਂ ਇਕ ਮੰਗ ਪੱਤਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇਦਾਰ ਭਾਈ ਪ੍ਰੀਤਮ ਸਿੰਘ ਨੂੰ ਦਿੱਤਾ



ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉਚਤਾ ਮਾਨ ਮਰਿਯਾਦਾ ਅਤੇ ਪਰੰਪਰਾਵਾਂ ਦੀ ਰਾਖੀ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆਂ ਵਿਰੁੱਧ ਦਮਦਮੀ ਟਕਸਾਲ ਝੋਕ ਮੋਹੜੇ ਦੇ ਭਾਈ ਰਛਪਾਲ ਸਿੰਘ ਦਮਦਮੀ ਟਕਸਾਲ, ਭਾਈ ਵੀਰਪਾਲ ਸਿੰਘ, ਭਾਈ ਲਵਪ੍ਰੀਤ ਸਿੰਘ ਦਮਦਮੀ ਟਕਸਾਲ, ਭਾਈ ਗੁਰਵਿੰਦਰ ਸਿੰਘ, ਰਵਿੰਦਰ ਸਿੰਘ ਬਾਬਾ ਸ਼ੇਰ ਸਿੰਘ ਸਰਪੰਚ, ਸੁਖਦੇਵ ਸਿੰਘ, ਗੁਰਵਿੰਦਰ ਸਿੰਘ ਨੇ ਜਥੇਦਾਰ ਭਾਈ ਪ੍ਰੀਤਮ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਫ਼ਿਰੋਜ਼ਪੁਰ ਨੂੰ ਮੰਗ ਪੱਤਰ ਦਿੱਤਾ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਿਯਾਦਾ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆਂ ਨੇ ਜਿਹੜੇ ਜਥੇਦਾਰ ਥਾਪੇ ਹਨ, ਉਹ ਮਰਿਯਾਦਾ ਦਾ ਘਾਣ ਕਰਕੇ ਥਾਪੇ ਹਨ, ਇਸ ਲਈ ਸ਼੍ਰੋਮਣੀ ਕਮੇਟੀ ਦੀ ਅਤਰਿੰਗ ਕਮੇਟੀ ਇਨ੍ਹਾਂ ਜਥੇਦਾਰਾਂ ਨੂੰ ਲਗਾ ਕੇ ਵਿਧੀ ਵਿਧਾਨ ਰਾਹੀਂ ਜਥੇਦਾਰ ਥਾਪੇ ਜਾਣ। ਸਿੱਖ ਪੰਥ ਦਾ ਵੱਡਾ ਇਕੱਠ ਕਰਕੇ ਹੀ ਵਿਧੀ ਵਿਧਾਨ, ਮਾਨ ਮਰਿਯਾਦਾ ਨਾਲ ਹੀ ਅਤੇ ਸਿੱਖ ਕੌਮ ਦੀ ਸਲਾਹ ਨਾਲ ਹੀ ਜਥੇਦਾਰ ਥਾਪੇ ਜਾਣੇ ਚਾਹੀਦੇ ਸੀ ਨਾ ਕਿ ਰਾਤ ਦੇ ਹਨੇਰੇ ਵਿਚ ਅਤੇ ਮਰਿਯਾਦਾ ਦੇ ਉਲਟ ਥਾਪੇ ਗਏ ਹਨ।

# ਧੋਖੇ ਨਾਲ ਗ੍ਰਿਫ਼ਤਾਰ ਕੀਤੇ ਕਿਸਾਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ- ਐਡਵੋਕੇਟ ਹਰਜਿੰਦਰ ਸਿੰਘ ਧਾਮੀ

**ਅੰਮ੍ਰਿਤਸਰ, 19 ਮਾਰਚ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਧੋਖੇ ਨਾਲ ਗ੍ਰਿਫ਼ਤਾਰ ਕਰਨਾ ਦੇਸ਼ ਦੇ ਅੰਨਦਾਤੇ ਦਾ ਵੱਡਾ ਅਪਮਾਨ ਹੈ। ਜਾਰੀ ਬਿਆਨ 'ਚ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਹ ਬੇਹੱਦ ਪੀੜਾਮਈ ਹੈ ਕਿ ਦੇਸ਼ ਦੀ ਤਰੱਕੀ, ਖੁਸ਼ਹਾਲੀ ਤੇ ਆਰਥਿਕਤਾ ਵਿੱਚ ਵੱਡਾ ਹਿੱਸਾ ਪਾਉਣ ਵਾਲੇ ਕਿਸਾਨ ਅੱਜ ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਦੇ ਕਾਰਨ ਪੀੜਤ ਹਨ। ਅੱਜ ਦਾ ਦਿਨ ਪੰਜਾਬ ਸਰਕਾਰ ਲਈ ਸ਼ਰਮਨਾਕ ਹੈ ਜਦੋਂ ਕਿਸਾਨ ਆਗੂਆਂ ਨੂੰ ਕੇਂਦਰੀ ਮੰਤਰੀਆਂ ਨਾਲ ਗੱਲਬਾਤ ਤੋਂ ਬਾਅਦ ਛਲਾਵੇ ਨਾਲ ਗ੍ਰਿਫ਼ਤਾਰ ਕਰ ਲਿਆ ਗਿਆ। ਐਡਵੋਕੇਟ ਧਾਮੀ ਨੇ ਕਿਹਾ ਕਿ ਕੀ ਸਰਕਾਰਾਂ ਕਿਸਾਨਾਂ ਤੋਂ ਏਨਾ ਡਰ ਰਹੀਆਂ ਹਨ ਕਿ ਉਹ ਉਨ੍ਹਾਂ ਨਾਲ ਗੱਲਬਾਤ ਦਾ ਸਾਹਮਣਾ ਨਹੀਂ ਕਰ ਸਕਦੀਆਂ। ਐਡਵੋਕੇਟ ਧਾਮੀ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਕਿਸਾਨ ਆਗੂਆਂ ਅਤੇ ਕਿਸਾਨਾਂ ਨੂੰ ਤੁਰੰਤ ਛੱਡ ਕਿ ਸਰਕਾਰ ਇਨ੍ਹਾਂ ਤੋਂ ਮੁਆਫ਼ੀ ਮੰਗੇ। ਇਸ ਦੇ ਨਾਲ ਹੀ ਕਿਸਾਨਾਂ ਦੀ ਮੰਗਾਂ ਮੰਨੀਆਂ ਜਾਣ ਤਾਂ ਜੋ ਉਹ ਸੜਕਾਂ 'ਤੇ ਸੰਘਰਸ਼ ਕਰਨ ਲਈ ਮਜ਼ਬੂਰ ਨਾ ਹੋਣ।





## ਪੰਥ ਬਚਾਓ



## ਪੰਜਾਬ ਬਚਾਓ



## ਉੱਠੋ ! ਜਾਗੋ ! ਹੰਭਲਾ ਮਾਰੋ, ਆਪਣਾ ਦੇਸ਼ ਪੰਜਾਬ ਸਵਾਰੋ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਪੰਜਾਬ ਨੂੰ ਬਚਾਉਣ ਦੀ ਅਪੀਲ

## ਪੰਜਾਬ ਦੇ ਸੂਝਵਾਨ ਅਤੇ ਸੋਚਵਾਨ ਭੈਣੋਂ ਅਤੇ ਭਰਾਵੋ

ਅੱਜ ਪੰਥ ਅਤੇ ਪੰਜਾਬ ਦੀ ਜੋ ਦੁਰਦਸ਼ਾ ਧਾਰਮਿਕ ਅਤੇ ਸਿਆਸੀ ਲੋਕਾਂ ਨੇ ਕੀਤੀ ਹੈ, ਇਸ ਤੋਂ ਤੁਸੀਂ ਭਲੀ ਭਾਂਤ ਜਾਣੂ ਹੋ। ਇਹਨਾਂ ਸਮੱਸਿਆਵਾਂ ਨੂੰ ਸੁਲਝਾਉਣ ਲਈ ਪੰਜਾਬ ਦਾ ਦਰਦ ਰੱਖਣ ਵਾਲੇ ਲੋਕਾਂ ਨੇ ਵਾਰਿਸ ਪੰਜਾਬ ਦੇ ਬਣ ਕੇ ਤੁਹਾਡਾ ਸਹਿਯੋਗ ਮੰਗਿਆ ਹੈ, ਕਿ ਆਉ ਰਲ ਕੇ ਬੈਠੀਏ ਤੇ ਸਮੱਸਿਆਵਾਂ ਨੂੰ ਹੱਲ ਕਰਨ ਦੇ ਯਤਨ ਕਰੀਏ। ਇਹ ਇਕੱਲੇ ਜਾਂ ਦੋ ਚਾਰਾ ਬੰਦਿਆ ਦਾ ਕੰਮ ਨਹੀਂ ਬਲਕਿ ਸਮੁੱਚੇ ਪੰਜਾਬ ਨੂੰ 'ਪੰਜਾਬ ਦਾ ਵਾਰਿਸ' ਬਣਨਾ ਪਵੇਗਾ । ਇਸ ਲਈ ਅਪੀਲ ਕਰਦੇ ਹਾਂ ਕਿ ਹੇਠ ਲਿਖੇ ਮੁੱਦਿਆਂ ਤੇ ਇੱਕ ਮੱਤ ਹੋ ਕੇ ਇਹਨਾਂ ਨੂੰ ਸੁਲਝਾਉਣ ਦਾ ਯਤਨ ਕਰੀਏ ਅਤੇ ਹਰੇਕ ਪੰਜਾਬ ਵਾਸੀ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਜੋ ਵੀ ਵਿਚਾਰ 'ਪੰਥ ਅਤੇ ਪੰਜਾਬ' ਨੂੰ ਬਚਾਉਣ ਲਈ ਉਹਨਾਂ ਦੇ ਜ਼ਿਹਨ ਵਿੱਚ ਆਉਂਦੇ ਹਨ ਉਹ 14 ਅਪ੍ਰੈਲ 2025 ਵਿਸਾਖੀ ਵਾਲੇ ਦਿਨ 'ਤਖ਼ਤ ਸ਼੍ਰੀ ਦਮਦਮਾ ਸਾਹਿਬ', ਤਲਵੰਡੀ ਸਾਬੋ ਵਿਖੇ ਕਾਨਫ਼ਰੰਸ ਵਿੱਚ ਸ਼ਾਮਿਲ ਹੋ ਕੇ ਲਿਖ਼ਤੀ ਰੂਪ ਵਿੱਚ ਦੇਵੋ ਜੀ।

### ਧਾਰਮਿਕ ਮਸਲੇ :-

1. ਅਕਾਲ ਤਖ਼ਤ ਸਾਹਿਬ ਦੀ ਸਰਵ ਉੱਚਤਾ
2. ਸ਼੍ਰੋਮਣੀ ਕਮੇਟੀ ਦੀ ਬਣਤਰ
3. ਸਿੱਖ ਵਿੱਦਿਅਕ ਬੋਰਡ
4. ਸਿੰਘ ਸਹਿਬਾਨਾਂ ਦੀ ਨਿਯੁਕਤੀ ਅਤੇ ਸੇਵਾ ਮੁਕਤੀ
5. ਸ਼੍ਰੋਮਣੀ ਕਮੇਟੀ ਦੇ ਕਾਰਜ
6. ਬੰਦੀ ਸਿੰਘਾਂ ਦੀ ਰਿਹਾਈ
7. ਬੇਅਦਬੀ ਘਟਨਾਵਾਂ ਦੀ ਰੋਕ ਅਤੇ ਇਨਸਾਫ਼
8. ਪੰਜਾਬ ਤੋਂ ਬਾਹਰ ਦੇ ਗੁਰੂਦੁਆਰਿਆਂ ਦੀ ਸਾਂਭ ਸੰਭਾਲ



### ਪੰਜਾਬ ਦੇ ਮਸਲੇ :-

1. ਨਸ਼ਿਆਂ ਤੋਂ ਮੁਕਤੀ ਲਈ ਸੁਝਾਅ
2. ਬੇਰੁਜ਼ਗਾਰੀ, ਸਵੈ-ਰੁਜ਼ਗਾਰੀ ਦੇ ਪ੍ਰਬੰਧ
3. ਕਿਸਾਨੀ ਪੈਦਾਵਾਰ, ਫਸਲੀ ਵਿਭਿੰਨਤਾ ਅਤੇ ਮੰਡੀਕਰਨ
4. ਵਿੱਦਿਆ ਦਾ ਪ੍ਰਬੰਧ
5. ਜਨਤਕ ਸਿਹਤ ਦਾ ਸਮੁੱਚਾ ਪ੍ਰਬੰਧ
6. ਲਾਲ ਲਕੀਰ ਅੰਦਰ ਆਉਂਦੀ ਜਾਇਦਾਦ ਦੀ ਮਲਕੀਅਤ
7. ਲੋਕ ਸੁਰੱਖਿਆ, ਫਿਰੌਤੀਆਂ ਰੋਕਣ ਦਾ ਪ੍ਰਬੰਧ
8. ਖੇਤੀ ਸਿੰਚਾਈ ਢਾਂਚਾ
9. ਧਰਤੀ ਹੇਠ ਖਤਮ ਹੋ ਰਹੇ ਪਾਣੀ ਦਾ ਪ੍ਰਬੰਧ
10. ਕਿਸਾਨ ਖ਼ੁਦਕੁਸ਼ੀ ਅਤੇ ਕਰਜਾ ਮੁਕਤੀ
11. ਉਦਯੋਗ ਵਿਕਾਸ
12. ਬਿਜਲੀ ਪ੍ਰਬੰਧ
13. ਵਾਤਾਵਰਣ ਪ੍ਰਦੂਸ਼ਨ
14. ਪੰਜਾਬ ਤੋਂ ਵਿਦੇਸ਼ਾਂ ਵਿੱਚ ਪ੍ਰਵਾਸ ਅਤੇ ਪੰਜਾਬ ਵਿੱਚ ਦੂਜੇ ਰਾਜਾਂ ਤੋਂ ਪ੍ਰਵਾਸ
15. ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ
16. ਰਾਜਾਂ ਦੇ ਵੱਧ ਅਧਿਕਾਰ
17. ਪੰਜਾਬ ਦੀ ਆਰਥਿਕ ਵਿਵਸਥਾ
18. ਸਹਿਕਾਰਤਾ ਖੇਤਰ ਦਾ ਵਿਕਾਸ
19. ਪੀਣ ਵਾਲੇ ਸ਼ੁੱਧ ਪਾਣੀ ਦਾ ਪ੍ਰਬੰਧ
20. ਅੰਤਰ-ਰਾਜੀ ਜਲ ਸਮਝੌਤੇ
21. ਪੰਜਾਬੀ ਬੋਲੀ ਅਤੇ ਸੱਭਿਆਚਾਰ
22. ਖਾਣ ਪੀਣ ਦੀਆਂ ਵਸਤਾਂ ਵਿੱਚ ਮਿਲਾਵਟ ਖੋਰੀ
23. ਪਿੰਡਾਂ ਅਤੇ ਸ਼ਹਿਰਾਂ ਦੇ ਗੰਦੇ ਪਾਣੀ ਦਾ ਨਿਕਾਸ
24. ਧਰਤੀ ਹੇਠ ਪ੍ਰਦੂਸ਼ਿਤ ਹੋ ਰਿਹਾ ਪਾਣੀ ਅਤੇ ਦਰਿਆਵਾਂ, ਨਹਿਰਾਂ ਵਿੱਚ ਪੈ ਰਹੇ ਪ੍ਰਦੂਸ਼ਿਤ ਪਾਣੀ ਦਾ ਟਰੀਟਮੈਂਟ ਪਲਾਂਟ ਪ੍ਰਬੰਧ
25. ਹੁਸੈਨੀ ਵਾਲਾ ਅਤੇ ਵਾਹਗਾ ਬਾਡਰ ਰਾਹੀਂ ਖੁੱਲ੍ਹਾ ਵਪਾਰ
26. ਮਨਰੇਗਾ ਵਿੱਚ ਰੋਜ਼ਗਾਰ ਦੇ ਵਿਸਥਾਰ ਬਾਰੇ



ਆਵਾਜ਼ਿ ਕੌਮ AWAZE QAUM International Newspaper & WEB TV